SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 185 | Tuesday, October 03, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਟੋਰਾਂਟੋ ਦੀਆਂ 5 ਰਿਹਾਇਸ਼ੀ ਬਿਲਡਿੰਗਾਂ ਦੇ 500 ਕਿਰਾਏਦਾਰਾਂ ਨੇ ਕੀਤੀ ਹੜਤਾਲ, ਨਹੀਂ ਦੇ ਰਹੇ ਕਿਰਾਇਆ

ਟੋਰਾਂਟੋ, 2 ਅਕਤੂਬਰ (ਪੋਸਟ ਬਿਊਰੋ) : ਦੋ ਨੌਰਥਵੈਸਟ ਟੋਰਾਂਟੋ ਅਪਾਰਟਮੈਂਟ ਬਿਲਡਿੰਗਾਂ ਦੇ 100 ਤੋਂ ਵੱਧ ਕਿਰਾਏਦਾਰ ਐਤਵਾਰ ਨੂੰ ਹੜਤਾਲ ਉੱਤੇ ਚਲੇ ਗਏ। ਇਹ ਕਿਰਾਏਦਾਰ ਵੀ ਉਨ੍ਹਾਂ 500 ਰੈਜ਼ੀਡੈਂਟਸ ਦੇ ਨਾਲ ਜਾ ਰਲੇ ਹਨ ਜਿਹੜੇ ਗਰਮੀਆਂ ਦੀ ਸ਼ੁਰੂਆਤ ਤੋਂ ਹੀ ਕਿਰਾਇਆ ਰੋਕੀ ਬੈਠੇ ਹਨ।

1440 ਤੇ 1442 ਲਾਅਰੈਂਸ ਐਵਨਿਊ ਵੈਸਟ ਉੱਤੇ ਰਹਿਣ ਵਾਲੇ ਕਿਰਾਏਦਾਰਾਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੇ ਲੈਂਡਲੌਰਡ, ਬਾਰਨੇ ਰਿਵਰ ਇਨਵੈਸਟਮੈਂਟਸ ਨੇ ਇਸ ਬਿਲਡਿੰਗ ਵਿੱਚ ਮੁਰੰਮਤ ਦੇ ਕੰਮ ਨੂੰ ਗੰਭੀਰਤਾ ਨਾਲ ਲੈਣ ਤੋਂ ਇਨਕਾਰ ਕਰ ਦਿੱਤਾ ਸੀ।




ਇਸ ਦੇ ਨਾਲ ਹੀ ਇਨ੍ਹਾਂ ਕਿਰਾਏਦਾਰਾਂ ਦਾ ਇਹ ਦੋਸ਼ ਵੀ ਹੈ ਕਿ ਉਨ੍ਹਾਂ ਦਾ ਲੈਂਡਲੌਰਡ ਗਾਈਡਲਾਈਨਜ਼ ਤੋਂ ਵੱਧ ਕਿਰਾਇਆ ਲੈਣਾ ਚਾਹੁੰਦਾ ਹੈ। ਇਸ ਲਈ ਇਨ੍ਹਾਂ ਦੋ ਬਿਲਡਿੰਗਾਂ ਦੇ ਕਿਰਾਏਦਾਰ ਹੜਤਾਲ ਉੱਤੇ ਚਲੇ ਗਏ।

ਪਿੱਛੇ ਜਿਹੇ ਟੋਰਾਂਟੋ ਦੀ ਮੇਅਰ ਓਲੀਵੀਆ ਚਾਓ ਨੇ ਡਰੀਮ ਅਨਲਿਮਟਿਡ ਤੇ ਕਿਰਾਏਦਾਰਾਂ ਨੂੰ ਇਸ ਹਾਲਾਤ ਵਿੱਚ ਵਿਚੋਲਗੀ ਕਰਨ ਦਾ ਸੱਦਾ ਦਿੱਤਾ ਸੀ। ਕਿਰਾਏਦਾਰਾਂ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਲੈਂਡਲੌਰਡ ਇਸ ਪ੍ਰਕਿਰਿਆ ਲਈ ਤਿਆਰ ਨਹੀਂ ਹੈ ਤੇ ਇਸ ਦੀ ਥਾਂ ਉਸ ਨੇ ਘਰ ਖਾਲੀ ਕਰਨ ਦੇ ਨੋਟਿਸ ਜਾਰੀ ਕਰਨੇ ਸ਼ੁਰੂ ਕਰ ਦਿੱਤੇ ਹਨ।

## ਛੇ ਪ੍ਰੋਵਿੰਸਾਂ ਨੇ ਘੱਟ ਤੋਂ ਘੱਟ ਉਜਰਤਾਂ ਵਿੱਚ ਕੀਤਾ ਵਾਧਾ



ਓਟਵਾ, 2 ਅਕਤੂਬਰ (ਪੋਸਟ ਬਿਊਰੋ) : ਕੌਸਟ ਆਫ ਲਿਵਿੰਗ ਸੰਕਟ ਦੇ ਨਾਲ ਨਾਲ ਕੈਨੇਡੀਆਂ ਦੇ ਫੂਡ ਬੈਂਕ ਦੇ ਵੱਜ ਰਹੇ ਗੇੜਿਆਂ ਤੇ ਆਰਥਿਕ ਐਂਜ਼ਾਇਟੀ ਦੇ ਚੱਲਦਿਆਂ ਛੇ ਪ੍ਰੋਵਿੰਸਾਂ ਵੱਲੋਂ ਘੱਟ ਤੋਂ ਘੱਟ ਉਜਰਤਾਂ ਵਿੱਚ ਵਾਧਾ ਕੀਤਾ ਗਿਆ ਹੈ। ਪਰ ਉਜਰਤਾਂ ਵਿੱਚ ਵਾਧਾ ਕਰਨ ਦੀ ਪੈਰਵੀ ਕਰਨ ਵਾਲਿਆਂ ਤੇ ਆਲੋਚਕਾਂ ਦਾ ਕਹਿਣਾ ਹੈ ਕਿ ਇਸ ਸਮੱਸਿਆ ਨਾਲ ਨਜਿੱਠਣਾ ਬਹੁਤ ਔਖਾ ਹੈ।

ਬੀਸੀ, ਅਲਬਰਟਾ, ਕਿਊਬਿਕ ਤੇ ਨਿਊਬਰੰਜ਼ਵਿੱਕ ਤੇ ਟੈਰੇਟਰੀਜ਼ ਵਿੱਚ ਉਜਰਤਾਂ ਵਿੱਚ ਕੋਈ ਤਬਦੀਲੀ ਨਹੀਂ ਹੋਵੇਗੀ। ਓਨਟਾਰੀਓ ਵਿੱਚ ਉਜਰਤਾਂ ਵਿੱਚ ਪ੍ਰਤੀ ਘੰਟਾਂ 16.55 ਡਾਲਰ ਦਾ ਵਾਧਾ ਕੀਤਾ ਜਾਵੇਗਾ, ਮੈਨੀਟੋਬਾ ਵਿੱਚ 15.30 ਡਾਲਰ, ਨੋਵਾ ਸਕੋਸ਼ੀਆ ਤੇ ਪ੍ਰਿੰਸ ਐਡਵਰਡ ਆਈਲੈਂਡ ਤੇ ਨਿਊਫਾਊਂਡਲੈਂਡ ਐਂਡ ਲੈਬਰਾਡੋਰ ਵਿੱਚ ਉਜਰਤਾਂ 15 ਡਾਲਰ ਤੱਕ ਹੋਣਗੀਆਂ। ਅੱਜ ਸਸਕੈਚਵਨ ਵਿੱਚ ਵੀ ਘੱਟ ਤੋਂ ਘੱਟ ਉਜਰਤਾਂ 14 ਡਾਲਰ ਤੱਕ ਅੱਪੜ ਗਈਆਂ ਪਰ ਇਹ ਅਜੇ ਵੀ ਦੇਸ਼ ਵਿੱਚ ਸੱਭ ਤੋਂ ਘੱਟ ਹੈ ਜੋ ਕਿ ਨਿਊ ਬਰੰਜ਼ਵਿੱਕ ਨਾਲੋਂ 75 ਸੈਂਟ ਪਿੱਛੇ ਹੈ।

ਉਜਰਤਾਂ ਵਿੱਚ ਵਾਧੇ ਦੀ ਪੈਰਵੀ ਕਰਨ ਵਾਲਿਆਂ ਵੱਲੋਂ ਇਸ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਪਰ ਉਨ੍ਹਾਂ ਦਾ ਕਹਿਣਾ ਹੈ ਕਿ ਇਸ ਨਾਲ ਵੀ ਅਜੇ ਕੈਨੇਡੀਅਨਜ਼ ਨੂੰ ਦੋ ਵੇਲੇ ਦੀ ਰੋਟੀ ਜੋੜਨੀ ਔਖੀ ਹੋਈ ਪਈ ਹੈ। ਓਨਟਾਰੀਓ ਲਿਵਿੰਗ ਵੇਜ ਨੈੱਟਵਰਕ ਦੇ ਕਮਿਊਨਿਕੇਸ਼ਨਜ਼ ਕੋਆਰਡੀਨੇਟਰ ਕ੍ਰੇਗ ਪਿੱਕਥਰੋਨ ਦਾ ਕਹਿਣਾ ਹੈ ਕਿ ਆਮ ਕੈਨੇਡੀਅਨ ਦੇ ਰਹਿਣ ਲਈ ਆਮ ਤੌਰ ਉੱਤੇ 23 ਡਾਲਰ ਤੇ 15 ਸੈਂਟ ਪ੍ਰਤੀ ਘੰਟੇ ਤੱਕ ਉਜਰਤਾਂ ਹੋਣੀਆਂ ਚਾਹੀਦੀਆਂ ਹਨ। ਇਸ ਤੋਂ ਭਾਵ ਹੈ ਕਿ ਜੇ ਤੁਸੀਂ ਘੱਟ ਤੋਂ ਘੱਟ ਉਜਰਤ ਉੱਤੇ ਵੀ ਪੂਰਾ ਸਮਾਂ ਕੰਮ ਕਰਦੇ ਹੋ ਤਾਂ ਅਜੇ ਵੀ ਹਫਤੇ ਦੇ ਤੁਹਾਨੂੰ 230 ਡਾਲਰ ਘੱਟ ਪੈਂਦੇ ਹਨ।

## ਮੰਤਰੀ ਮੰਡਲ 'ਚ ਫੇਰਬਦਲ ਤੋਂ ਦੋ ਮਹੀਨੇ ਬਾਅਦ ਵੀ ਫੈਡਰਲ ਮੰਤਰੀਆਂ ਨੂੰ ਆਪਣੇ ਮਹਿਕਮਿਆਂ ਸਬੰਧੀ ਨਹੀਂ ਮਿਲੇ ਪੱਤਰ

ਓਟਵਾ, 2 ਅਕਤੂਬਰ (ਪੋਸਟ ਬਿਊਰੋ) : ਆਪਣੇ ਮੰਤਰੀ ਮੰਡਲ ਵਿੱਚ ਵੱਡਾ ਫੇਰਬਦਲ ਕਰਨ ਤੋਂ ਦੋ ਮਹੀਨੇ ਬਾਅਦ ਤੱਕ ਵੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਆਪਣੇ ਮੰਤਰੀਆਂ ਨੂੰ ਉਨ੍ਹਾਂ ਦੇ ਨਵੇਂ ਅਹੁਦਿਆਂ ਨਾਲ ਸਬੰਧਤ ਪੱਤਰ ਜਾਰੀ ਨਹੀਂ ਕੀਤੇ ਗਏ ਹਨ।



ਰੱਖਿਆ ਮੰਤਰੀ ਬਿੱਲ ਬਲੇਅਰ ਨੇ ਪਿਛਲੇ ਹਫਤੇ ਆਖਿਆ ਕਿ ਉਨ੍ਹਾਂ ਨੂੰ ਅਜੇ ਤੱਕ ਨਵੇਂ ਅਹੁਦੇ ਦਾ ਪੱਤਰ ਨਹੀਂ ਮਿਲਿਆ ਹੈ ਤੇ ਟਰੂਡੋ ਵੱਲੋਂ ਦਸੰਬਰ 2021 ਵਿੱਚ ਉਨ੍ਹਾਂ ਦੇ ਪੂਰਬ ਅਧਿਕਾਰੀ ਨੂੰ ਜਿਹੜੇ ਕੰਮਾਂ ਦੀ ਸੂਚੀ ਦਿੱਤੀ ਗਈ ਸੀ ਉਹ ਉਸ ਨੂੰ ਪੂਰਾ ਕਰਨ ਉੱਤੇ ਲੱਗੇ ਹੋਏ ਹਨ। ਪਿਛਲੇ ਮਹੀਨਿਆਂ ਵਿੱਚ ਟਰੂਡੋ ਸਰਕਾਰ ਨੇ ਮਿਲਟਰੀ ਨੂੰ ਕੁੱਝ ਨਵੇਂ ਟਾਸਕ ਦਿੱਤੇ ਸਨ ਜਦਕਿ ਖਰਚਿਆਂ ਵਿੱਚ ਮਿਲਟਰੀ ਨੂੰ ਇੱਕ ਬਿਲੀਅਨ ਡਾਲਰ ਦੀ ਕਟੌਤੀ ਕਰਨ ਲਈ ਆਖਿਆ ਗਿਆ ਸੀ। ਵਿਰੋਧੀ ਧਿਰਾਂ ਦਾ ਕਹਿਣਾ ਹੈ ਕਿ ਉਹ ਇਸ ਗੱਲ ਦਾ ਸਪਸ਼ਟੀਕਰਣ ਚਾਹੁੰਦੀਆਂ ਹਨ ਕਿ ਮੰਤਰੀਆਂ ਨੂੰ ਆਪਣੀਆਂ ਅਸਾਈਨਮੈਂਟਸ ਨੂੰ ਤਰਜੀਹ ਦੇਣ ਲਈ ਕਿਵੇਂ ਆਖਿਆ ਜਾ ਰਿਹਾ ਹੈ।

ਅਕੈਡੀਆ ਯੂਨੀਵਰਸਿਟੀ ਦੇ ਪੁਲਿਟੀਕਲ ਸਾਇੰਟਿਸਟ ਐਲੈਕ ਮਾਰਲੈਂਡ ਨੇ ਆਖਿਆ ਕਿ ਮੰਤਰੀਆਂ ਨੂੰ ਲਾਜ਼ਮੀ ਪੱਤਰ ਦੇਣ ਨਾਲ ਇਹ ਸਪਸ਼ਟ ਹੁੰਦਾ ਹੈ ਕਿ ਚੋਣ ਕਾਲ ਤੋਂ ਬਾਹਰ ਸਰਕਾਰ ਕੀ ਕਰਨਾ ਚਾਹੁੰਦੀ ਹੈ। ਉਨ੍ਹਾਂ ਆਖਿਆ ਕਿ ਇਨ੍ਹਾਂ ਪੱਤਰਾਂ ਨੂੰ ਜਨਤਕ ਕੀਤੇ ਬਿਨਾਂ ਵੀ ਸਿਵਿਲ ਸਰਵਿਸ ਆਪਰੇਟ ਕੀਤੀ ਜਾ ਸਕਦੀ ਹੈ ਪਰ ਮੰਤਰੀ ਇਹ ਆਪ ਆਖ ਰਹੇ ਹਨ ਕਿ ਉਹ ਆਪਣੇ ਨਵੇਂ ਆਰਡਰਾਂ ਦੀਆਂ ਕਾਪੀਆਂ ਹਾਸਲ ਕਰਨ ਲਈ ਉਤਸੁਕ ਹਨ ਤੇ ਕਈਆਂ ਕੋਲ ਤਾਂ ਅਜਿਹੇ ਮਹਿਕਮੇ ਹਨ ਜਿਹੜੇ ਪਹਿਲਾਂ ਹੋਂਦ ਵਿੱਚ ਹੀ ਨਹੀਂ ਸਨ।

## 4 ਸਾਲਾ ਲੜਕੇ ਨੂੰ ਅਗਵਾ ਕਰਨ ਦੀ ਕੋਸ਼ਿਸ਼ ਕਰਨ ਵਾਲੀ ਮਹਿਲਾ ਨੂੰ ਕੀਤਾ ਗਿਆ ਚਾਰਜ



ਹੈਮਿਲਟਨ, 2 ਅਕਤੂਬਰ (ਪੋਸਟ ਬਿਊਰੋ) : ਹੈਮਿਲਟਨ ਦੀ ਪੁਲਿਸ ਵੱਲੋਂ ਬੱਚੇ ਨੂੰ ਅਗਵਾ ਕਰਨ ਦੀ ਕੋਸ਼ਿਸ਼ ਕਰਨ ਵਾਲੀ ਮਹਿਲਾ ਨੂੰ ਚਾਰਜ ਕੀਤਾ ਗਿਆ ਹੈ। ਇਸ ਮਹਿਲਾ ਵੱਲੋਂ ਉਸ ਸਮੇਂ ਚਾਰ ਸਾਲਾ ਲੜਕੇ ਨੂੰ ਅਗਵਾ ਕਰਨ ਦੀ ਕੋਸ਼ਿਸ਼ ਕੀਤੀ ਗਈ ਜਦੋਂ ਉਹ ਕਥਿਤ ਤੌਰ ਉੱਤੇ ਆਪਣੀ ਮਾਂ ਨਾਲ ਸੀ।

ਪੁਲਿਸ ਅਧਿਕਾਰੀਆਂ ਨੂੰ ਪਹਿਲੀ ਅਕਤੂਬਰ ਨੂੰ ਸ਼ਾਮੀਂ 7:00 ਵਜੇ ਤੋਂ ਪਹਿਲਾਂ ਜੈਕਸਨ ਸਟਰੀਟ ਵੈਸਟ ਤੇ ਮੈਕਨੈਬ ਸਟਰੀਟ ਸਾਊਥ ਉੱਤੇ ਸੱਦਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਜਿਸ ਸਮੇਂ ਚਾਰ ਸਾਲਾ ਲੜਕਾ ਆਪਣੀ ਮਾਂ ਕੋਲ ਸੀ, ਇਸ ਮਹਿਲਾ ਨੇ ਉਸ ਕੋਲ ਜਾ ਕੇ ਉਸ ਨੂੰ ਭਰਮਾਉਣ ਦੀ ਕੋਸ਼ਿਸ਼ ਕੀਤੀ। ਇਸ ਮਹਿਲਾ ਨੇ ਪਹਿਲਾਂ ਬੱਚੇ ਨੂੰ ਜੱਫੀ ਪਾਈ ਤੇ ਫਿਰ ਉਸ ਨੂੰ ਆਪਣੀਆਂ ਬਾਹਾਂ ਵਿੱਚ ਲੈ ਕੇ ਤੁਰਦੀ ਬਣੀ।

ਪੁਲਿਸ ਨੇ ਦੱਸਿਆ ਕਿ ਜਦੋਂ ਲੜਕੇ ਦੀ ਮਾਂ ਨੇ ਉਸ ਨੂੰ ਰੋਕਿਆ ਤਾਂ ਉਸ ਨੇ ਬੱਚੇ ਨੂੰ ਜ਼ਮੀਨ ਉੱਤੇ ਉਤਾਰ ਦਿੱਤਾ ਤੇ ਉਹ ਥਾਂ ਛੱਡ ਕੇ ਚਲੀ ਗਈ। ਮਸ਼ਕੂਕ ਨੂੰ ਥੋੜ੍ਹੀ ਦੇਰ ਬਾਅਦ ਹੀ ਗ੍ਰਿਫਤਾਰ ਕਰ ਲਿਆ ਗਿਆ। ਬੱਚੇ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ ਹੈ। ਅਧਿਕਾਰੀਆਂ ਨੇ ਪਾਇਆ ਕਿ ਬੱਚੇ ਦੀ ਮਾਂ ਤੇ ਬੱਚਾ ਉਸ ਮਸ਼ਕੂਕ ਮਹਿਲਾ ਨੂੰ ਨਹੀਂ ਸਨ ਜਾਣਦੇ। ਮਹਿਲਾ ਦੀ ਪਛਾਣ 37 ਸਾਲਾ ਸਮਿਥੀ ਮਾਨਸੈਰੇ ਵਜੋਂ ਹੋਈ ਹੈ ਤੇ ਉਹ ਹੈਮਿਲਟਨ ਦੀ ਰਹਿਣ ਵਾਲੀ ਹੈ।

ਉਸ ਉੱਤੇ 14 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਅਗਵਾ ਕਰਨ ਦੇ ਚਾਰਜਿਜ਼ ਲਾਏ ਗਏ ਹਨ। ਪੁਲਿਸ ਦੇ ਬੁਲਾਰੇ ਨੇ ਆਖਿਆ ਕਿ ਮਹਿਲਾ ਦੀ ਤਸਵੀਰ ਵੀ ਜਨਤਕ ਕਰ ਦਿੱਤੀ ਗਈ ਹੈ ਤਾਂ ਕਿ ਭਵਿੱਖ ਵਿੱਚ ਇਸ ਮਹਿਲਾ ਤੋਂ ਸਾਰੇ ਸਾਵਧਾਨ ਰਹਿਣ।

## ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ, ਇੱਕ ਗ੍ਰਿਫਤਾਰ

ਮਿਸੀਸਾਗਾ, 2 ਅਕਤੂਬਰ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਜਦਕਿ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਕਿਸੇ ਤਰ੍ਹਾਂ ਦੀ ਗੜਬੜੀ ਸਬੰਧੀ ਕਾਲ ਮਿਲਣ ਤੋਂ ਬਾਅਦ ਦੁਪਹਿਰੇ 1:00 ਵਜੇ ਦੇ ਨੇੜੇ ਤੇੜੇ ਪੀਲ ਰੀਜਨਲ ਪੁਲਿਸ ਦੇ ਅਧਿਕਾਰੀ ਦ ਕਾਲੇਜਵੇਅ ਤੇ ਗਲੈਨ ਐਰਿਨ ਡਰਾਈਵ ਨੇੜੇ ਮਾਸਟਹੈੱਡ ਕ੍ਰੀਸੈਂਟ ਤੇ ਵਿੰਡਜੈਮਰ ਰੋਡ ਉੱਤੇ ਪਹੁੰਚੇ। ਮੌਕੇ ਉੱਤੇ ਉਨ੍ਹਾਂ ਨੂੰ ਇੱਕ ਵਿਅਕਤੀ ਛੁਰੇਬਾਜ਼ੀ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਪੈਰਾਮੈਡਿਕਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਉਸ ਖਿਲਾਫ ਕਿਸ ਤਰ੍ਹਾਂ ਦੇ ਚਾਰਜਿਜ਼ ਲਾਏ



ਗਏ ਹਨ ਇਸ ਬਾਰੇ ਪੁਲਿਸ ਨੇ ਕੋਈ ਜਾਣਕਾਰੀ ਨਹੀਂ ਦਿੱਤੀ। ਮਾਮਲੇ ਨਾਲ ਸਬੰਧਤ ਹੋਰ ਵੇਰਵੇ ਵੀ ਜਾਰੀ ਨਹੀਂ ਕੀਤੇ ਗਏ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
CPAP machines, masks and supplies
Free consultations
30 day mask exchange
Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਹਰ ਇੱਕ ਪਾਰਟੀ ਇਹੀ ਆ ਕਹੀ ਜਾਂਦੀ,
ਭਲਾਈ ਲੋਕਾਂ ਦੀ ਅਸੀਂ ਹਾਂ ਕਰਨ ਵਾਲੇ।
ਬਾਕੀ ਜਿੰਨੇ ਵੀ ਲੀਡਰ ਹਨ ਤੁਰੇ ਫਿਰਦੇ,
ਬੁਗਨੀ ਆਪਣੀ ਸਿਰਫ ਹਨ ਭਰਨ ਵਾਲੇ।
ਜਿਹੜੀ ਲੋਕਾਂ ਲਈ ਕੋਈ ਸਕੀਮ ਬਣਦੀ,
ਮਿਲਦਾ ਮਾਲ ਤਾਂ ਏਹੀ ਹਨ ਚਰਨ ਵਾਲੇ।
ਠੱਗਣੀਆਂ ਚਾਲਾਂ ਤੋਂ ਆਏ ਨੇ ਤੰਗ ਲੋਕੀਂ,
ਬਹੁਤੀ ਦੇਰ ਉਹ ਹੋਰ ਨਹੀਂ ਜਰਨ ਵਾਲੇ।
ਖਬਰ ਕੋਈ ਪੜ੍ਹੋ ਧਿਆਨ ਦੇ ਨਾਲ ਜੇਕਰ,
ਹੁੰਦਾ ਇੱਕੋ ਜਿਹਾ ਨਿਰਾ ਵਖਿਆਨ ਮੀਆਂ।
ਨਾਂਅ ਆਗੂ ਦਾ ਖਬਰ ਵਿੱਚ ਬਦਲ ਜਾਂਦਾ,
ਹੁੰਦਾ ਇੱਕੋ ਜਿਹਾ ਅੰਦਰ ਬਿਆਨ ਮੀਆਂ।

**ਤੀਸ ਮਾਰ ਖਾਂ**

# ਚਾਕੂ ਲੈ ਕੇ ਬਜ਼ੁਰਗ ਮਹਿਲਾ ਦੇ ਘਰ ਦਾਖਲ ਹੋਇਆ ਵਿਅਕਤੀ ਕਾਰ ਲੈ ਕੇ ਹੋਇਆ ਫਰਾਰ




ਦਰਹਾਮ, 2 ਅਕਤੂਬਰ (ਪੋਸਟ ਬਿਊਰੋ) : ਪੁਲਿਸ ਅਜਿਹੇ ਵਿਅਕਤੀ ਦੀ ਭਾਲ ਕਰ ਰਹੀ ਹੈ ਜਿਹੜਾ ਚਾਕੂ ਲੈ ਕੇ ਦਰਹਾਮ ਰੀਜਨ ਵਿੱਚ ਇੱਕ ਬਜ਼ੁਰਗ ਮਹਿਲਾ ਦੇ ਘਰ ਦਾਖਲ ਹੋਇਆ ਤੇ ਉਸ ਦੀ ਕਾਰ ਚੋਰੀ ਕਰਕੇ ਫਰਾਰ ਹੋ ਗਿਆ।

ਜਬਰੀਂ ਘਰ ਵਿੱਚ ਦਾਖਲ ਹੋਣ ਦੀਆਂ ਖਬਰਾਂ ਮਿਲਣ ਉਪਰੰਤ ਸੋਮਵਾਰ ਨੂੰ ਤੜ੍ਹਕੇ 2:45 ਉੱਤੇ ਦਰਹਾਮ ਪੁਲਿਸ ਦੇ ਅਧਿਕਾਰੀ ਬੀਵਰਟਨ ਵਿੱਚ ਚਰਚ ਤੇ ਓਸਬਰਨ ਸਟਰੀਟਸ ਨੇੜੇ ਸਥਿਤ ਘਰ ਵਿੱਚ ਪਹੁੰਚੇ। ਪ੍ਰਾਪਤ ਜਾਣਕਾਰੀ ਅਨੁਸਾਰ ਬਜ਼ੁਰਗ ਮਹਿਲਾ ਦੀ ਅੱਖ ਖੁੱਲ੍ਹ ਗਈ ਤੇ ਉਸ ਨੇ ਆਪਣੇ ਘਰ ਵਿੱਚ ਚਾਕੂ ਲੈ ਕੇ ਦਾਖਲ ਹੋਏ ਵਿਅਕਤੀ ਨੂੰ ਵੇਖਿਆ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੇ ਮਹਿਲਾ ਦੇ ਘਰ ਤੋਂ ਵੀ ਕੁੱਝ ਵਸਤਾਂ ਚੋਰੀ ਕੀਤੀਆਂ ਤੇ ਉਸ ਦੀ ਕਾਰ ਲੈ ਕੇ ਫਰਾਰ ਹੋ ਗਿਆ।

ਬਜ਼ੁਰਗ ਮਹਿਲਾ ਨੂੰ ਇਸ ਮਸ਼ਕੂਕ ਵੱਲੋਂ ਕੋਈ ਸੱਟ-ਫੇਟ ਨਹੀਂ ਮਾਰੀ ਗਈ। ਚੋਰੀ ਕੀਤੀ ਗੱਡੀ 2006 ਮਾਡਲ ਦੀ ਹਰੇ ਰੰਗ ਦੀ ਪੌਨਟੀਐਕ ਟੋਰੈਂਟ ਹੈ ਜਿਸ ਉੱਤੇ ਓਨਟਾਰੀਓ ਦੀ ਲਾਇਸੰਸ ਪਲੇਟ ਸੀਆਰਪੀਬੀ 471 ਲੱਗੀ ਹੋਈ ਹੈ।ਪੁਲਿਸ ਵੱਲੋਂ ਮਸ਼ਕੂਕ ਸਬੰਧੀ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਉਸ ਦੀ ਉਮਰ 20 ਤੋਂ 30 ਸਾਲ ਦਰਮਿਆਨ ਹੋਵੇਗੀ, ਉਹ ਲੰਮਾਂ ਵਿਅਕਤੀ ਸੀ ਜਿਸਦੀ ਨਿੱਕੀ ਜਿਹੀ ਮੁੱਛ ਸੀ। ਉਸ ਨੂੰ ਆਖਰੀ ਵਾਰੀ ਕਾਲੇ ਰੰਗ ਦੀ ਹੁਡੀ ਤੇ ਕਾਲੀ ਪੈਂਟ ਪਾਇਆਂ ਵੇਖਿਆ ਗਿਆ। ਇਸ ਸਬੰਧ ਵਿੱਚ ਜਾਣਕਾਰੀ ਰੱਖਣ ਵਾਲੇ ਨੂੰ ਪੁਲਿਸ ਨਾਲ ਸੰਪਰਕ ਕਰਨ ਲਈ ਆਖਿਆ ਗਿਆ ਹੈ।

# ਐਮਾਜ਼ਾਨ ਵਿਚ 7 ਦਿਨਾਂ ਵਿੱਚ 100 ਡਾਲਫਿਨਜ਼ ਦੀ ਮੌਤ



ਬ੍ਰਾਜ਼ੀਲ ਐਮਾਜ਼ਾਨ, 2 ਅਕਤੂਬਰ (ਪੋਸਟ ਬਿਊਰੋ): ਬ੍ਰਾਜ਼ੀਲ ਦੇ ਅਮੇਜ਼ਨ ਖੇਤਰ 'ਚ ਇਤਿਹਾਸਕ ਸੋਕਾ ਪਿਆ ਹੈ। ਇੱਥੋਂ ਦੇ ਛੱਪੜਾਂ ਅਤੇ ਝੀਲਾਂ ਵਿੱਚ ਪਾਣੀ ਦਾ ਤਾਪਮਾਨ ਰਿਕਾਰਡ ਪੱਧਰ 'ਤੇ ਪਹੁੰਚ ਗਿਆ ਹੈ। ਕੁਝ ਥਾਵਾਂ 'ਤੇ ਪਾਣੀ ਦਾ ਤਾਪਮਾਨ 102 ਡਿਗਰੀ ਫਾਰਨਹਾਈਟ ਯਾਨੀ 40 ਡਿਗਰੀ ਸੈਲਸੀਅਸ ਤੋਂ ਵੱਧ ਗਿਆ ਹੈ। ਇਸ ਦੌਰਾਨ ਪਿਛਲੇ ਸੱਤ ਦਿਨਾਂ ਵਿੱਚ ਇੱਥੋਂ ਦੀ ਟੇਫੇ ਝੀਲ ਵਿੱਚ ਸੌ ਤੋਂ ਵੱਧ ਡਾਲਫਿਨ ਮਰੀਆਂ ਪਈਆਂ ਹਨ।

ਵਿਗਿਆਨੀਆਂ ਨੇ ਇਸ ਨੂੰ ਅਸਧਾਰਨ ਦੱਸਿਆ ਹੈ। ਉਨ੍ਹਾਂ ਮੁਤਾਬਕ ਝੀਲ ਦਾ ਤਾਪਮਾਨ ਅਤੇ ਅਮੇਜ਼ਨ 'ਚ ਇਤਿਹਾ-ਸਕ ਸੋਕਾ ਇਸ ਦਾ ਕਾਰਨ ਹੋ ਸਕਦਾ ਹੈ। ਦੁਨੀਆਂ ਦੀ ਸਭ ਤੋਂ ਵੱਡੀ ਜਲਮ-ਾਰਗ ਅਮੇਜ਼ਨ ਨਦੀ ਇਸ ਸਮੇਂ ਖੁਸ਼ਕ ਮੌਸਮ ਵਿਚੋਂ ਗੁਜ਼ਰ ਰਹੀ ਹੈ, ਜਿਸ ਦਾ ਅਸਰ ਦਰਿਆ 'ਚ ਰਹਿਣ ਵਾਲੇ ਜੀਵ-ਜੰਤੂਆਂ 'ਤੇ ਵੀ ਪੈ ਰਿਹਾ ਹੈ।

ਸੀਐਨਐਨ ਦੀ ਰਿਪੋਰਟ ਮੁਤਾਬਕ ਡਾਲਫਿਨ ਨੂੰ ਬਚਾਉਣ ਲਈ ਉਨ੍ਹਾਂ ਨੂੰ ਹੋਰ ਝੀਲਾਂ ਅਤੇ ਤਾਲਾਬਾਂ ਵਿੱਚ ਸ਼ਿਫਟ ਕੀਤਾ ਜਾ ਰਿਹਾ ਹੈ। ਜਿੱਥੇ ਪਾਣੀ ਘੱਟ ਗਰਮ ਹੁੰਦਾ ਹੈ। ਇਸ ਕੰਮ ਵਿਚ ਲੱਗੇ ਖੋਜਕਰਤਾਵਾਂ ਮੁਤਾਬਕ ਇਹ ਆਸਾਨ ਨਹੀਂ ਹੈ। ਇਨ੍ਹਾਂ ਨੂੰ ਸ਼ਿਫਟ ਕਰਨ ਤੋਂ ਪਹਿਲਾਂ ਇਹ ਜਾਂਚ ਕਰਨੀ ਪਵੇਗੀ ਕਿ ਕੀ ਦੂਜੀ ਨਦੀ ਵਿੱਚ ਕਿਸੇ ਕਿਸਮ ਦਾ ਖਤਰਨਾਕ ਵਾਇਰਸ ਜਾਂ ਜ਼ਹਿਰੀਲਾ ਪਦਾਰਥ ਹੈ ਜਾਂ ਨਹੀਂ।

# ਤਾਲਿਬਾਨੀ ਮੰਤਰੀ ਦਾ ਔਰਤਾਂ ਵਿਰੁੱਧ ਬੇਤੁਕਾ ਬਿਆਨ: 'ਪੁਰਸ਼ ਹਾਕਮ ਹਨ, ਔਰਤਾਂ ਨੂੰ ਗੱਲ ਮੰਨਣ'


ਕਾਬੁਲ, 2 ਅਕਤੂਬਰ (ਪੋਸਟ ਬਿਊਰੋ): ਜਦੋਂ ਤੋਂ ਅਫਗਾਨਿਸਤਾਨ ਵਿੱਚ ਤਾਲਿਬਾਨ ਸਰਕਾਰ ਨੇ ਸੱਤਾ ਸੰਭਾਲੀ ਹੈ, ਉਦੋਂ ਤੋਂ ਔਰਤਾਂ ਵਿਰੁੱਧ ਨਵੇਂ-ਨਵੇਂ ਬਿਆਨ ਅਤੇ ਕਾਨੂੰਨ ਬਣਾਏ ਜਾ ਰਹੇ ਹਨ। ਅਫਗਾਨਿਸਤਾਨ ਵਿੱਚ ਔਰਤਾਂ ਦੀ ਅਜ਼ਾਦੀ ਨੂੰ ਰੋਕਣ ਵਾਲੀਆਂ ਕਾਰਵਾਈਆਂ ਕਾਰਨ ਔਰਤਾਂ ਦੀ ਹਾਲਤ ਬਦਤਰ ਹੋਈ ਹੈ। ਸਿੱਖਿਆ ਤੋਂ ਲੈ ਕੇ ਸਮਾਜਿਕ ਬਰਾਬਰੀ ਤੱਕ ਹਰ ਖੇਤਰ ਵਿੱਚ ਔਰਤਾਂ ਦੇ ਅਧਿਕਾਰਾਂ ਨੂੰ ਸੀਮਤ ਕੀਤਾ ਜਾ ਰਿਹਾ ਹੈ। ਇਸ ਸਭ ਦੇ ਵਿਚਕਾਰ ਅਫਗਾਨਿਸਤਾਨ ਦੇ ਇਕ ਮੰਤਰੀ ਨੇ ਔਰਤਾਂ ਨੂੰ ਲੈ ਕੇ ਅਜਿਹਾ ਬੇਤੁਕਾ ਬਿਆਨ ਦਿੱਤਾ ਹੈ, ਜਿਸ ਨਾਲ ਇਕ ਵਾਰ ਫਿਰ ਔਰਤਾਂ ਪ੍ਰਤੀ ਤਾਲਿਬਾਨ ਦੀ ਮਾਨਸਿਕਤਾ ਸਾਹਮਣੇ ਆ ਗਈ ਹੈ। ਜਾਣਕਾਰੀ ਮੁਤਾਬਕ ਅਫਗਾਨਿਸਤਾਨ ਵਿਚ ਤਾਲਿਬਾਨ ਸਰਕਾਰ ਦੇ ਕਾਰਜਕਾਰੀ ਉੱਚ ਸਿੱਖਿਆ ਮੰਤਰੀ ਨੇਦਾ ਮੁਹੰਮਦ ਨਦੀਮ ਨੇ ਐਤਵਾਰ ਨੂੰ ਔਰਤਾਂ ਖਿਲਾਫ ਬੇਤੁਕੇ ਬਿਆਨ ਦਿੱਤੇ ਹਨ। ਉਸ ਨੇ ਬਘਲਾਨ ਯੂਨੀਵਰਸਿਟੀ ਵਿੱਚ ਇੱਕ ਇਕੱਠ ਨੂੰ ਕਿਹਾ ਕਿ ਇਸਲਾਮੀ ਸ਼ਰੀਆ ਕਾਨੂੰਨ ਅਨੁਸਾਰ ਮਰਦ ਅਤੇ ਔਰਤ ਬਰਾਬਰ ਨਹੀਂ ਹਨ। ਕਾਬੁਲ ਨਿਊਜ਼ ਏਜੰਸੀ ਟੋਲੋ ਦੀ ਰਿਪੋਰਟ ਮੁਤਾਬਕ ਉਨ੍ਹਾਂ ਕਿਹਾ ਕਿ ਅਸੀਂ ਔਰਤਾਂ ਨਾਲ ਸਬੰਧਤ ਤਾਲਿਬਾਨ ਪ੍ਰਣਾਲੀ ਨੂੰ ਖਤਮ ਕਰਨ ਦੀ ਪ੍ਰਕਿਰਿਆ ਵਿਚ ਹਾਂ।

ਨੇਦਾ ਮੁਹੰਮਦ ਨਦੀਮ ਨੇ ਪੱਛਮੀ ਦੇਸ਼ਾਂ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਪੱਛਮੀ ਦੇਸ਼ ਔਰਤਾਂ ਅਤੇ ਮਰਦਾਂ ਵਿਚਕਾਰ ਬਰਾਬਰੀ ਦਾ ਪ੍ਰਚਾਰ ਕਰਦੇ ਹਨ ਪਰ ਦੋਵੇਂ ਇਕੋ ਜਿਹੇ ਨਹੀਂ ਹਨ। ਉਸ ਨੇ ਤਾਲਿਬਾਨ ਸਰਕਾਰ ਵੱਲੋਂ ਔਰਤਾਂ ਵਿਰੁੱਧ ਚੁੱਕੇ ਗਏ ਕਦਮਾਂ ਨੂੰ ਜਾਇਜ਼ ਠਹਿਰਾਇਆ। ਉਨ੍ਹਾਂ ਮੀਟਿੰਗ ਦੌਰਾਨ ਜ਼ੋਰ ਦੇ ਕੇ ਕਿਹਾ ਕਿ ਔਰਤ ਅਤੇ ਮਰਦ ਬਰਾਬਰ ਨਹੀਂ ਹਨ। ਉਨ੍ਹਾਂ ਨੇ ਮਰਦਾਂ ਨੂੰ ਸ਼ਾਸਕ ਕਿਹਾ ਅਤੇ ਇਹ ਸਮਝਾਉਣ ਦੀ ਕੋਸ਼ਿਸ਼ ਕੀਤੀ ਕਿ ਮਰਦ ਔਰਤਾਂ ਉੱਤੇ ਅਧਿਕਾਰ ਰੱਖ ਸਕਦੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ 'ਔਰਤਾਂ ਨੂੰ ਮਰਦਾਂ ਦਾ ਕਹਿਣਾ ਮੰਨਣਾ ਚਾਹੀਦਾ ਹੈ।'





















# ਮੁੱਖ ਮੰਤਰੀ ਪੰਜਾਬ ਅਤੇ ਦਿੱਲੀ ਦੇ ਮੁੱਖ ਮੰਤਰੀ ਨੇ ਪੰਜਾਬ ਵਿੱਚ ਸਿਹਤ ਕ੍ਰਾਂਤੀ ਦੇ ਨਵੇਂ ਦੌਰ ਦੀ ਕੀਤੀ ਸ਼ੁਰੂਆਤ

## -ਪਟਿਆਲਾ ਵਿਖੇ ਸਰਕਾਰੀ ਖੇਤਰ ਦਾ ਆਪਣੀ ਕਿਸਮ ਦਾ ਪਹਿਲਾ ਮਾਤਾ ਕੌਸ਼ੱਲਿਆ ਹਸਪਤਾਲ ਲੋਕਾਂ ਨੂੰ ਕੀਤਾ ਸਮਰਪਿਤ
## -550 ਕਰੋੜ ਰੁਪਏ ਦੀ ਲਾਗਤ ਵਾਲੇ ਸਿਹਤਮੰਦ ਮਿਸ਼ਨ ਪੰਜਾਬ ਦੀ ਸ਼ੁਰੂਆਤ

ਪਟਿਆਲਾ, 2 ਅਕਤੂਬਰ (ਪੋਸਟ ਬਿਊਰੋ): ਸੂਬੇ ਵਿੱਚ ਸਿਹਤ ਕ੍ਰਾਂਤੀ ਦੇ ਨਵੇਂ ਦੌਰ ਦੀ ਸ਼ੁਰੂਆਤ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸੋਮਵਾਰ ਨੂੰ ਪਟਿਆਲਾ ਵਿਖੇ ਸਰਕਾਰੀ ਖੇਤਰ ਦਾ ਆਪਣੀ ਕਿਸਮ ਦਾ ਪਹਿਲਾ ਮਾਤਾ ਕੌਸ਼ੱਲਿਆ ਹਸਪਤਾਲ ਲੋਕਾਂ ਨੂੰ ਸਮਰਪਿਤ ਕੀਤਾ।





ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਇਹ ਹਸਪਤਾਲ ਇਤਿਹਾਸਕ ਸ਼ਹਿਰ ਪਟਿਆਲਾ ਅਤੇ ਇਸ ਦੇ ਆਸ-ਪਾਸ ਦੀ ਲਗਪਗ 20 ਲੱਖ ਲੋਕਾਂ ਦੀ ਆਬਾਦੀ ਨੂੰ ਸਿਹਤ ਸਹੂਲਤਾਂ ਦੇਵੇਗਾ। ਇਸ ਹਸਪਤਾਲ ਵਿੱਚ 300 ਬੈੱਡ ਹਨ ਅਤੇ ਹੁਣ ਇਸ ਵੱਕਾਰੀ ਸਿਹਤ ਸੰਸਥਾ ਵਿੱਚ 66 ਬੈੱਡਾਂ ਦਾ ਵਾਧਾ ਕੀਤਾ ਜਾ ਰਿਹਾ ਹੈ। ਹਸਪਤਾਲ ਨੂੰ 13.80 ਕਰੋੜ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਹੈ ਅਤੇ ਆਈ ਸੀ ਯੂ, ਐਨ ਆਈ ਸੀ ਯੂ ਅਤੇ ਹੋਰ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ।

ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਸਿਹਤ ਸੰਭਾਲ ਦੇ ਖੇਤਰ ਵਿੱਚ ਇੱਕ ਨਵੀਂ ਕ੍ਰਾਂਤੀ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਐਲਾਨ ਕੀਤਾ ਕਿ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਇੱਕ ਸਾਲ ਦੇ ਅੰਦਰ ਰਾਜ ਭਰ ਦੇ ਸਾਰੇ ਹਸਪਤਾਲਾਂ ਵਿੱਚ ਐਮਰਜੈਂਸੀ ਸੇਵਾਵਾਂ ਚਾਲੂ ਕਰ ਦਿੱਤੀਆਂ ਜਾਣਗੀਆਂ। ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਦੂਰ-ਦੁਰਾਡੇ ਅਤੇ ਪੇਂਡੂ ਖੇਤਰਾਂ ਦੇ ਗੰਭੀਰ ਮਰੀਜ਼ਾਂ ਲਈ ਅਤਿ ਉੱਨਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਇਲੈਕਟ੍ਰਾਨਿਕ ਇੰਟੈਂਸਿਵ ਕੇਅਰ ਯੂਨਿਟ (ਈ ਆਈ ਸੀ ਯੂ) ਸਿਸਟਮ ਸ਼ੁਰੂ ਕਰਨ ਜਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਸੂਬੇ ਵਿੱਚ ਸਿਹਤ ਸੰਭਾਲ ਪ੍ਰਣਾਲੀ ਨੂੰ ਸੁਧਾਰਨ ਲਈ ਮੀਲ ਦੇ ਪੱਥਰ ਵਜੋਂ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਹੁਣ ਤੱਕ 59 ਲੱਖ ਤੋਂ ਵੱਧ ਮਰੀਜ਼ ਲਾਭ ਉਠਾ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਅਤੇ ਸੀ.ਐਮ ਦੀ ਯੋਗਸ਼ਾਲਾ ਦੇ ਸੰਕਲਪ ਨੂੰ ਲੋਕਾਂ ਦੇ ਵਡੇਰੇ ਹਿੱਤ ਵਿੱਚ ਪੂਰੇ ਭਾਰਤ ਵਿੱਚ ਲਾਗੂ ਕੀਤਾ ਜਾਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਦੀ ਭਲਾਈ ਲਈ 550 ਕਰੋੜ ਰੁਪਏ ਦਾ ਸਿਹਤਮੰਦ ਮਿਸ਼ਨ ਪੰਜਾਬ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਿੱਖਿਆ ਅਤੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਇਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿਹਤਮੰਦ ਮਿਸ਼ਨ ਪੰਜਾਬ ਤਹਿਤ ਸੂਬੇ ਭਰ ਦੇ ਸਾਰੇ ਸਰਕਾਰੀ ਹਸਪਤਾਲਾਂ ਨੂੰ ਨਵਾਂ ਰੂਪ ਮਿਲੇਗਾ।

ਮੁੱਖ ਮੰਤਰੀ ਨੇ ਦੱਸਿਆ ਕਿ ਸਿਹਤਮੰਦ ਪੰਜਾਬ ਐਪ ਵੀ ਲਾਂਚ ਕੀਤੀ ਗਈ ਹੈ ਜਿਸ ਨਾਲ ਮੋਬਾਈਲ 'ਤੇ ਕਲਿੱਕ ਕਰਨ 'ਤੇ ਲੋਕ ਨੇੜਲੇ ਆਮ ਆਦਮੀ ਕਲੀਨਿਕਾਂ ਦਾ ਪਤਾ ਲਾ ਸਕਣਗੇ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦਾ ਟੀਚਾ ਹੈ ਕਿ ਆਮ ਆਦਮੀ ਕਲੀਨਿਕਾਂ ਵਾਂਗ ਲੋਕਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਉਣ ਲਈ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਆਯੂਸ਼ ਫਾਰਮੇਸੀ ਸ਼ੁਰੂ ਕੀਤੀ ਜਾਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਲੋਕਾਂ ਨੂੰ ਮਿਆਰੀ ਡਾਕਟਰੀ ਇਲਾਜ ਮੁਹੱਈਆ ਕਰਵਾਉਣ ਲਈ ਇੱਕ ਮਾਡਲ ਰਾਜ ਵਜੋਂ ਉਭਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਭਰ ਵਿੱਚ ਸਥਾਪਤ ਕੀਤੇ ਗਏ ਆਮ ਆਦਮੀ ਕਲੀਨਿਕਾਂ ਵਿੱਚ ਲੋਕਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੋਵੇਗਾ ਜੋ ਸਰਕਾਰੀ ਹਸਪਤਾਲਾਂ ਵਿੱਚ 'ਮਰੀਜ਼ ਸੁਵਿਧਾ ਕੇਂਦਰ' ਸ਼ੁਰੂ ਕਰਨ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਹਸਪਤਾਲ ਵਿੱਚ ਐਨ.ਆਈ.ਸੀ.ਯੂ ਵਾਰਡ ਨੂੰ ਅਪਗ੍ਰੇਡ ਕਰਕੇ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ।

ਦਿੱਲੀ ਦੇ ਮੁੱਖ ਮੰਤਰੀ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸੂਬੇ ਵਿੱਚ ਸਿਹਤ ਕ੍ਰਾਂਤੀ ਦਾ ਦੌਰ ਸ਼ੁਰੂ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਸੂਬੇ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਫਤ ਮੁਹੱਈਆ ਕਰਵਾਉਣਾ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪਹਿਲਾਂ ਅਮੀਰ ਵਰਗ ਦੀ ਹੀ ਪ੍ਰਾਈਵੇਟ ਹਸਪਤਾਲਾਂ ਵਿੱਚ ਮਿਆਰੀ ਸਿਹਤ ਸੇਵਾਵਾਂ ਤੱਕ ਪਹੁੰਚ ਸੀ ਪਰ ਹੁਣ ਆਮ ਆਦਮੀ ਨੂੰ ਉਹ ਸਾਰੀਆਂ ਸਹੂਲਤਾਂ ਇੱਥੇ ਸਰਕਾਰੀ ਸਿਹਤ ਸੰਸਥਾ ਵਿੱਚ ਮਿਲਣਗੀਆਂ।

ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਅਤੇ ਸਕੂਲ ਆਫ਼ ਐਮੀਨੈਂਸ ਵਾਂਗ ਇਨ੍ਹਾਂ ਹਸਪਤਾਲਾਂ ਦੀ ਗਿਣਤੀ ਵੀ ਸੂਬੇ ਭਰ ਵਿੱਚ ਵਧਾਈ ਜਾਵੇਗੀ। ਉਨ੍ਹਾਂ ਅਫਸੋਸ ਪ੍ਰਗਟਾਇਆ ਕਿ ਪਹਿਲਾਂ ਸੂਬੇ ਦੇ ਸਰਕਾਰੀ ਹਸਪਤਾਲ ਖਸਤਾ ਹਾਲਤਾਂ ਵਿੱਚ ਸਨ ਪਰ ਹੁਣ ਆਧੁਨਿਕ ਤਕਨੀਕ ਨਾਲ ਲੈਸ ਹਨ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਨ੍ਹਾਂ ਸਹੂਲਤਾਂ ਦਾ ਚੋਣਾਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ, ਸਗੋਂ ਇਸ ਦਾ ਇੱਕੋ-ਇੱਕ ਮਕਸਦ ਲੋਕ ਭਲਾਈ ਨੂੰ ਯਕੀਨੀ ਬਣਾਉਣਾ ਹੈ।

ਇਸ ਦੌਰਾਨ ਮੁੱਖ ਮੰਤਰੀ ਅਤੇ ਦਿੱਲੀ ਦੇ ਮੁੱਖ ਮੰਤਰੀ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਗੱਲਬਾਤ ਵੀ ਕੀਤੀ। ਗੱਲਬਾਤ ਦੌਰਾਨ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਸਰਕਾਰੀ ਹਸਪਤਾਲਾਂ ਵਿੱਚ ਦਿੱਤੀਆਂ ਜਾ ਰਹੀਆਂ ਸਹੂਲਤਾਂ 'ਤੇ ਪੂਰੀ ਤਸੱਲੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਪ੍ਰਾਈਵੇਟ ਹਸਪਤਾਲਾਂ ਨਾਲੋਂ ਕਿਤੇ ਵੱਧ ਹਨ।

ਮਰੀਜ਼ਾਂ ਅਤੇ ਉਨ੍ਹਾਂ ਦੇ ਨਾਲ ਮੌਜੂਦ ਉਨ੍ਹਾਂ ਦੇ ਵਾਰਸਾਂ ਨੇ ਵੀ ਮੁੱਖ ਮੰਤਰੀ ਵੱਲੋਂ ਸਿਹਤ ਸੰਭਾਲ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਬਹੁਤ ਸਾਰੀਆਂ ਪਹਿਲਕਦਮੀਆਂ ਕਰਨ ਲਈ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਹਸਪਤਾਲ ਆਮ ਲੋਕਾਂ ਨੂੰ ਸਹੂਲਤ ਦੇਣ ਲਈ ਵੱਡਾ ਉਪਰਾਲਾ ਸਿੱਧ ਹੋਣਗੇ। ਉਨ੍ਹਾਂ ਨੇ ਸੂਬਾ ਸਰਕਾਰ ਵੱਲੋਂ ਤੰਦਰੁਸਤ ਪੰਜਾਬ ਦੀ ਸਿਰਜਣਾ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵੀ ਸ਼ਲਾਘਾ ਕੀਤੀ।

## ਸੁਖਬੀਰ ਬਾਦਲ ਨੇ ਕੇਜਰੀਵਾਲ ਨੂੰ ਕੀਤਾ ਸਵਾਲ: ਪੰਜਾਬੀ ਜਾਨਣਾ ਚਾਹੁੰਦੇ ਹਨ ਕਿ ਤੁਹਾਡੇ ਵੱਲੋਂ ਕੀਤੇ ਦਾਅਵੇ ਮੁਤਾਬਕ 50 ਹਜ਼ਾਰ ਕਰੋੜ ਰੁਪਏ ਦਾ ਨਿਵੇਸ਼ ਕਿੱਥੇ ਹੈ

ਬਠਿੰਡਾ, 2 ਅਕਤੂਬਰ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਆਖਿਆ ਕਿ ਉਹ ਪੰਜਾਬੀਆਂ ਨੂੰ ਦੱਸਣ ਕਿ ਪੰਜਾਬ ਵਿਚ 50 ਹਜ਼ਾਰ ਕਰੋੜ ਰੁਪਏ ਦਾ ਨਿਵੇਸ਼ ਕਿਥੇ ਹੋਇਆ ਹੈ ਤੇ ਜ਼ੋਰ ਦੇ ਕੇ ਕਿਹਾ ਕਿ ਨਿਵੇਸ਼ ਦੀ ਗੱਲ ਤਾਂ ਭੁੱਲ ਜਾਓ, ਬੁਨਿਆਦੀ ਢਾਂਚੇ ਦ ਵਿਕਾਸ ਦਾ ਕੋਈ ਪ੍ਰਾਜੈਕਟ ਵੀ ਦੋ ਸਾਲਾਂ ਵਿਚ ਪੰਜਾਬ ਨਹੀਂ ਆਇਆ ਹੈ ਤੇ ਸਮਾਜ ਭਲਾਈ ਸਕੀਮਾਂ ਵੀ ਬੰਦ ਕਰ ਦਿੱਤੀਆਂ ਗਈਆਂ ਹਨ।

ਪੰਜਾਬ ਵਿਚ 50 ਹਜ਼ਾਰ ਕਰੋੜ ਰੁਪਏ ਦਾ ਨਿਵੇਸ਼ ਹੋਣ ਦੇ ਕੀਤੇ ਅਰਵਿੰਦ ਕੇਜਰੀਵਾਲ ਦੇ ਦਾਅਵੇ ’ਤੇ ਪ੍ਰਤੀਕਰਮ ਪ੍ਰਗਟ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਸ੍ਰੀ ਕੇਜਰੀਵਾਲ ਨੂੰ ਇਹ ਦੱਸਣਾ ਹੈ ਕਿ ਉਨ੍ਹਾਂ ਦੇ ਦਾਅਵੇ ਪਿੱਛੇ ਸੱਚ ਕੀ ਹੈ ਜਾਂ ਫਿਰ ਉਨ੍ਹਾਂ ਨੂੰ ਪੰਜਾਬੀਆਂ ਨੂੰ ਝੂਠ ਬੋਲਣ ਦੀ ਮੁਆਫੀ ਮੰਗਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨਿਵੇਸ਼ ਦੀ ਤਾਂ ਗੱਲ ਹੀ ਛੱਡੋ, ਆਪ ਸਰਕਾਰ ਦੇ ਰਾਜ ਵਿਚ ਪੰਜਾਬ ਦੇ ਉਦਯੋਗ ਉੱਤਰ ਪ੍ਰਦੇਸ਼ ਤੇ ਹੋਰ ਰਾਜਾਂ ਵਿਚ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਇਹ ਝੂਠ ਬੋਲ ਕੇ ਪੰਜਾਬੀਆਂ ਨੂੰ ਗੁੰਮਰਾਹ ਕਰ ਰਹੇ ਹਨ ਕਿ ਬੀ ਐਮ ਡਬਲਿਊ ਵੱਲੋਂ ਪੰਜਾਬ ਵਿਚ ਨਿਵੇਸ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੀ ਐਮ ਡਬਲਿਊ ਵੱਲੋਂ ਜਾਰੀ ਖੰਡਨ ਮਗਰੋਂ ਸ੍ਰੀ ਕੇਜਰੀਵਾਲ ਹੁਣ ਫਿਰ ਅਜਿਹੇ ਹੀ ਦਾਅਵੇ ਕਰ ਕੇ ਲੋਕਾਂ ਨੂੰ ਮੂਰਖ ਬਣਾਉਣ ਦਾ ਯਤਨ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਕੇਜਰੀਵਾਲ ਨੇ ਪਟਿਆਲਾ ਫੇਰੀ ਦੌਰਾਨ ਵੱਡੇ-ਵੱਡੇ ਝੂਠ ਬੋਲੇ ਹਨ। ਉਨ੍ਹਾਂ ਕਿਹਾ ਕਿ ਮਾਤਾ ਕੌਸ਼ੱਲਿਆ ਹਸਪਤਾਲ ਦੇ ਇਕ ਵਾਰਡ ਦੀ ਲੀਪਾ ਪੋਚੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੱਚਾਈ ਇਹ ਹੈ ਕਿ ਮਾਤਾ ਕੌਸ਼ੱਲਿਆ ਹਸਪਤਾਲ ਅਕਾਲੀ ਦਲ ਦੀ ਸਰਕਾਰ ਵੇਲੇ ਢਾਹਿਆ ਗਿਆ ਤੇ ਮੁੜ ਉਸਾਰਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਸਿਰਫ ਇਕ ਵਾਰਡ ਦਾ ਨਵੀਨੀਕਰਨ ਕੀਤਾ ਗਿਆ ਹੈ ਤੇ ਇਸ ਮੁੱਦੇ ’ਤੇ ਸਸਤੀ ਸ਼ੋਹਰਤ ਹਾਸਲ ਕਰਨ ਵਾਸਤੇ ਕਰੋੜਾਂ ਰੁਪਏ ਖਰਚ ਕੀਤੇ ਗਏ ਹਨ।

ਬਾਦਲ ਨੇ ਕਿਹਾ ਕਿ ਇਹ ਪ੍ਰਭਾਵ ਦੇਣ ਦਾ ਯਤਨ ਕੀਤਾ ਜਾ ਰਿਹਾ ਹੈ ਕਿ ਪੰਜਾਬ ਕਾਨੂੰਨ ਵਿਵਸਥਾ ਦੇ ਮਾਮਲੇ ਵਿਚ ਕੌਮੀ ਪੱਧਰ ’ਤੇ ਦੂਜੇ ਸਥਾਨ ਹੈ ਜਦੋਂ ਕਿ ਸੱਚਾਈ ਇਹ ਹੈ ਕਿ ਪੰਜਾਬੀ ਜਾਣਦੇ ਹਨ ਕਿ ਇਹ ਕੋਰਾ ਝੂਠ ਹੈ। ਗੈਂਗਸਟਰਾਂ ਨੂੰ ਖੁੱਲ੍ਹੀ ਛੋਟ ਦਿੱਤੀ ਗਈ ਹੈ ਤੇ ਆਪ ਵਿਧਾਇਕ ਅਪਰਾਧੀ ਤੱਤਾਂ ਨਾਲ ਰਲ ਕੇ ਕੰਮ ਕਰ ਰਹੇ ਹਨ ਤੇ ਨਸ਼ਾ ਮਾਫੀਆ ਪੂਰਾ ਸਰਗਰਮ ਹੈ ਤੇ ਇਸੇ ਕਾਰਨ ਕਾਨੂੰਨ ਵਿਵਸਥਾ ਢਹਿ ਢੇਰੀ ਹੋਈ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਪੁਲਿਸ ਬਲ ਦਾ ਮਨੋਬਲ ਡੇਗਿਆ ਹੈ ਤੇ ਗੈਰ ਕਾਨੂੰਨੀ ਮਾਇਨਿੰਗ ਦੇ ਮਾਮਲੇ ਵਿਚ ਖਡੂਰ ਸਾਹਿਬ ਦੇ ਵਿਧਾਇਕ ਦੇ ਜੀਜਾ ਦੀ ਗ੍ਰਿਫਤਾਰੀ ਵਾਸਤੇ ਇਮਾਨਦਾਰ ਪੁਲਿਸ ਅਫਸਰਾਂ ਖਿਲਾਫ ਕਾਰਵਾਈ ਕੀਤੀ ਹੈ। ਉਨ੍ਹਾਂ ਨੇ ਐਨ ਸੀ ਆਰ ਬੀ ਦੇ ਅੰਕੜੇ ਪੇਸ਼ ਕਰਦਿਆਂ ਦੱਸਿਆ ਕਿ ਕਿਵੇਂ ਆਪ ਸਰਕਾਰ ਦੇ ਰਾਜ ਵਿਚ 310 ਨੌਜਵਾਨ ਨਸ਼ਿਆਂ ਕਾਰਨ ਮਾਰੇ ਗਏ ਹਨ।

ਆਪ ਸਰਕਾਰ ਦੇ ਰਾਜ ਵਿਚ ਸਿੱਖਿਆ ਤੇ ਸਿਹਤ ਖੇਤਰ ਵਿਚ ਆਈ ਕ੍ਰਾਂਤੀ ਜਿਸਦਾ ਅੱਜ ਕੇਜਰੀਵਾਲ ਨੇ ਜ਼ਿਕਰ ਕੀਤਾ, ਦੀ ਗੱਲ ਕਰਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਇਸ ਕ੍ਰਾਂਤੀ ਦੀ ਬਦੌਲਤ 750 ਕਰੋੜ ਰੁਪਏ ਸਸਤੀ ਸ਼ੋਹਰਤ ਵਾਸਤੇ ਖਰਚੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਪਹਿਲਾਂ ਸੇਵਾ ਕੇਂਦਰਾਂ ’ਤੇ ਲੀਪਾ ਪੋਚੀ ਕਰਕੇ ਉਨ੍ਹਾਂ ਨੂੰ ਮੁਹੱਲਾ ਕਲੀਨਿਕ ਬਣਾਇਆ ਤੇ ਫਿਰ ਪ੍ਰਕਾਸ਼ ਸਿੰਘ ਬਾਦਲ ਵੱਲੋਂ ਬਣਾਏ ਮੈਰੀਟੋਰੀਅਸ ਸਕੂਲਾਂ ’ਤੇ ਲੀਪਾ ਪੋਚੀ ਕਰ ਕੇ ਉਨ੍ਹਾਂ ਨੂੰ ਸਕੂਲ ਆਫ ਐਮੀਨੈਂਸ ਬਣਾਇਆ। ਉਨ੍ਹਾਂ ਕਿਹਾ ਕਿ ਅੱਜ ਅਸੀਂ ਵੇਖਿਆ ਹੈ ਕਿ ਕਿਵੇਂ ਪਟਿਆਲਾ ਦੇ ਮਾਤਾ ਕੌਸ਼ੱਲਿਆ ਹਸਪਤਾਲ ਦੀ ਲੀਪਾ ਪੋਚੀ ਕਰ ਕੇ ਇਕ ਵਾਰਡ ਨੂੰ ਵਿਸ਼ੇਸ਼ ਵਾਰਡ ਬਣਾਇਆ ਗਿਆ ਤੇ ਉਸ ਵਿਚ ਕੋਈ ਨਵੇਂ ਡਾਕਟਰ ਤਾਇਨਾਤ ਨਹੀਂ ਕੀਤੇ ਗਏ।

ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬੀ ਨੌਜਵਾਨਾਂ ਨੂੰ ਕੁਝ ਵੀ ਦੇਣ ਦੀ ਥਾਂ ਉਨ੍ਹਾਂ ਨਾਲ ਲੋਕਤੰਤਰੀ ਅਧਿਕਾਰਾਂ ਦੀ ਮੰਗ ’ਤੇ ਵਿਤਕਰਾ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਪਾਣੀ ਦੀਆਂ ਟੈਂਕੀਆਂ ਤੇ ਬਿਜਲੀ ਟਾਵਰਾਂ ’ਤੇ ਚੜ੍ਹਨ ਵਾਸਤੇ ਮਜਬੂਰ ਕੀਤਾ ਜਾ ਰਿਹਾ ਹੈ।

ਬਾਦਲ ਨੇ ਕੇਜਰੀਵਾਲ ਦੇ ਆਮ ਆਦਮੀ ਕਲੀਨਿਕਾਂ ’ਤੇ ਸਵਾਲ ਚੁੱਕਦਿਆਂ ਕਿਹਾ ਕਿ ਜੇਕਰ ਅਜਿਹਾ ਹੀ ਹੋਣਾ ਸੀ ਤਾਂ ਫਿਰ ਤੁਹਾਡੇ, ਰਾਘਵ ਚੱਢਾ ਤੇ ਭਗਵੰਤ ਮਾਨ ਤੇ ਉਨ੍ਹਾਂ ਦੇ ਪਰਿਵਾਰ ਲਈ 15000 ਪੰਜਾਬ ਪੁਲਿਸ ਮੁਲਾਜ਼ਮ ਕਿਉਂ ਤਾਇਨਾਤ ਕੀਤੇ ਜਾ ਰਹੇ ਹਨ।

REXDALE BODY SHOP
USED CAR SALE

CHEEMA
LOWEST PRICE IN TOWN
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED

25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3


"For all your real estate needs"
Anabela Serra
Sales Representative
416-400-5825
anabelserra75@gmail.com


$1,149,000

98 JOHN ST E
Bradford West Gwillimbury, Ontario L3Z1G4
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5

$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8

$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0

$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8

$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us


CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


# ਬ੍ਰਮ ਸ਼ੰਕਰ ਜਿੰਪਾ ਵੱਲੋਂ ਪੰਜਾਬ ਦੀਆਂ 24 ਪੰਚਾਇਤਾਂ ਨੂੰ 'ਉੱਤਮ ਪਿੰਡ' ਦਾ ਰਾਜ ਪੱਧਰੀ ਐਵਾਰਡ

## -23 ਸਫਾਈ ਸੇਵਕਾਂ ਅਤੇ 23 ਸਕੂਲਾਂ ਨੂੰ ਵੀ 'ਸਵੱਛ ਭਾਰਤ ਦਿਵਸ' ਮੌਕੇ ਕੀਤਾ ਸਨਮਾਨਿਤ

ਚੰਡੀਗੜ੍ਹ, 2 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਜਿਹੜੇ 24 ਪਿੰਡਾਂ ਨੇ ਸਾਫ ਸਫਾਈ, ਤਰਲ ਤੇ ਠੋਸ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਅਤੇ ਬੁਨਿਆਦੀ ਸਵੱਛ ਸਹੂਲਤਾਂ ਪੱਖੋਂ ਉੱਤਮ ਕੰਮ ਕੀਤੇ ਹਨ ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਅੱਜ 'ਸਵੱਛ ਭਾਰਤ ਦਿਵਸ' ਮੌਕੇ ਰਾਜ ਪੱਧਰੀ ਸਮਾਗਮ ਵਿਚ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਵੱਲੋਂ ਸਨਮਾਨਿਤ ਕੀਤਾ ਗਿਆ। ਇਹ ਸਮਾਗਮ ਸਥਾਨਕ ਮਿਊਂਸੀਪਲ ਭਵਨ, ਸੈਕਟਰ 35 ਵਿਚ ਕਰਵਾਇਆ ਗਿਆ ਸੀ। ਇਸ ਦੇ ਨਾਲ ਹੀ ਸਾਫ-ਸਫਾਈ ਰੱਖਣ, ਆਲੇ-ਦੁਆਲੇ ਨੂੰ ਖੂਬਸੂਰਤ ਬਣਾਉਣ ਅਤੇ ਸਵੱਛਤਾ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਪਿੰਡਾਂ ਦੇ 23 ਸਕੂਲਾਂ ਨੂੰ 'ਉੱਤਮ ਸਕੂਲ' ਅਤੇ 23 ਸਫਾਈ ਸੇਵਕਾਂ ਨੂੰ 'ਉੱਤਮ ਸਫਾਈ ਸੇਵਕ' ਦਾ ਐਵਾਰਡ ਦਿੱਤਾ ਗਿਆ।

ਜਿੰਪਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਾਰੇ ਪਿੰਡਾਂ ਨੂੰ ਸਾਫ-ਸੁਥਰਾ ਬਣਾਉਣ ਲਈ ਸਾਰਥਕ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣਾ ਸਰਕਾਰ ਦਾ ਫਰਜ਼ ਹੈ ਅਤੇ ਇਸ ਕੰਮ ਨੂੰ ਪੂਰੀ ਸੁਹਿਰਦਤਾ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਫ-ਸਫਾਈ ਰੱਖਣਾ ਸਿਰਫ ਸਫਾਈ ਸੇਵਕਾਂ ਦਾ ਕੰਮ ਨਹੀਂ ਬਲਕਿ ਸਾਨੂੰ ਸਾਰਿਆਂ ਨੂੰ ਇਸ ਮਕਸਦ ਲਈ ਪਹਿਲ ਕਰਨੀ ਚਾਹੀਦੀ ਹੈ ਤੇ ਖੁਦ ਅੱਗੇ ਆ ਕੇ ਸੂਬੇ ਨੂੰ ਕੂੜਾ ਮੁਕਤ ਰੱਖਣ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਅਸੀਂ ਸਾਰੇ ਆਪਣੇ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਸਖਤ ਮਿਹਨਤ ਕਰ ਰਹੇ ਹਾਂ ਅਤੇ ਸਾਡੀ ਸਭ ਦੀ ਜ਼ਿੰਮੇਵਾਰੀ ਹੈ ਕਿ ਅਸੀਂ ਇਸ ਦੀ ਖੂਬਸੂਰਤੀ 'ਤੇ ਕੋਈ ਦਾਗ ਨਾ ਲਾਈਏ। ਉਨ੍ਹਾਂ ਇਸ ਮਕਸਦ ਲਈ ਸਾਰੇ ਸਫਾਈ ਸੇਵਕਾਂ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਕਿਹਾ ਕਿ ਸਫਾਈ ਸੇਵਕਾਂ ਦੇ ਮਾਣ-ਸਤਿਕਾਰ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਜਿੰਪਾ ਨੇ ਕਿਹਾ ਕਿ ਰਾਜ ਪੱਧਰੀ ਸਨਮਾਨ ਹਾਸਲ ਕਰਨ ਵਾਲੀਆਂ ਪੰਚਾਇਤਾਂ, ਸਕੂਲ ਅਤੇ ਸਫਾਈ ਸੇਵਕ ਹੋਰਨਾਂ ਨੂੰ ਵੀ ਚੰਗਾ ਕੰਮ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਪੰਜਾਬ ਨੂੰ ਮੁੜ ਅੱਵਲ ਨੰਬਰ ਦਾ ਸੂਬਾ ਬਣਾਇਆ ਜਾ ਸਕੇ।

ਇਸ ਮੌਕੇ ਜਿੰਪਾ ਨੇ ਇਹ ਵੀ ਸੁਝਾਅ ਦਿੱਤਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੂੰ ਪੇਂਡੂ ਖੇਤਰਾਂ ਵਿੱਚ ਗੈਰ-ਸਰਕਾਰੀ ਸੰਗਠਨਾਂ (ਐਨ.ਜੀ.ਓਜ਼.), ਯੂਥ ਕਲੱਬਾਂ ਅਤੇ ਸਵੈ-ਸੇਵੀ ਸੰਸਥਾਵਾਂ ਨੂੰ ਲਾਮਬੰਦ ਕਰਨਾ ਚਾਹੀਦਾ ਹੈ ਤਾਂ ਜੋ ਲੋਕਾਂ ਨੂੰ ਸਵੱਛਤਾ ਲਈ ਪ੍ਰੇਰਿਤ ਕਰਕੇ ਉਹਨਾਂ ਦੇ ਵਿਵਹਾਰ ਵਿੱਚ ਬਦਲਾਅ ਲਿਆਂਦਾ ਜਾ ਸਕੇ।

ਕਾਬਿਲੇਗੌਰ ਹੈ ਕਿ ਪੰਜਾਬ ਸਰਕਾਰ ਵੱਲੋਂ 15 ਸਤੰਬਰ ਤੋਂ 2 ਅਕਤੂਬਰ, 2023 ਤੱਕ 'ਕੂੜਾ ਮੁਕਤ ਭਾਰਤ' ਵਿਸ਼ੇ ਨਾਲ ਸਬੰਧਤ ਰਾਜ-ਪੱਧਰੀ 'ਸਵੱਛਤਾ ਹੀ ਸੇਵਾ' ਮੁਹਿੰਮ ਚਲਾਈ ਗਈ ਸੀ। ਇਹ ਮੁਹਿੰਮ ਸਵੱਛ ਭਾਰਤ ਮਿਸ਼ਨ (ਗ੍ਰਾਮੀਣ)



ਅਤੇ ਸਵੱਛ ਭਾਰਤ ਮਿਸ਼ਨ (ਸ਼ਹਿਰੀ) ਤਹਿਤ ਜਲ ਸ਼ਕਤੀ ਮੰਤਰਾਲੇ ਅਤੇ ਮਕਾਨ ਉਸਾਰੀ ਤੇ ਸ਼ਹਿਰੀ ਮਾਮਲੇ ਮੰਤਰਾਲੇ ਦੀ ਇੱਕ ਸਾਂਝੀ ਪਹਿਲ ਸੀ।

ਸਮਾਗਮ ਵਿਚ ਵਿਭਾਗ ਦੇ ਸਾਬਕਾ ਮੁਖੀ ਮੁਹੰਮਦ ਇਸ਼ਫਾਕ (ਸੇਵਾਮੁਕਤ), ਚੀਫ ਇੰਜੀਨੀਅਰ ਜੇ.ਜੇ. ਗੋਇਲ, ਜਸਵਿੰਦਰ ਸਿੰਘ ਚਾਹਲ, ਰਾਜੇਸ਼ ਖੋਸਲਾ ਅਤੇ ਜਸਬੀਰ ਸਿੰਘ, ਡਾਇਰੈਕਟਰ ਸੈਨੀਟੇਸ਼ਨ ਮੈਡਮ ਨਵੀਨ ਵਰਮਾ ਤੋਂ ਇਲਾਵਾ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

ਸਨਮਾਨ ਹਾਸਲ ਕਰਨ ਵਾਲੀਆਂ ਪੰਚਾਇਤਾਂ/ਪਿੰਡ, ਸਕੂਲ ਅਤੇ ਸਫਾਈ ਸੇਵਕ:

'ਉੱਤਮ ਪਿੰਡ' ਐਵਾਰਡ

ਸਮਾਗਮ ਦੌਰਾਨ ਜਿਨ੍ਹਾਂ 24 ਪੰਚਾਇਤਾਂ ਨੂੰ 'ਉੱਤਮ ਪਿੰਡ' ਦਾ ਐਵਾਰਡ ਦਿੱਤਾ ਗਿਆ ਉਨ੍ਹਾਂ ਵਿਚ ਧਰਦਿਓ (ਜ਼ਿਲ੍ਹਾ ਅੰਮ੍ਰਿਤਸਰ), ਭੈਣੀ ਮਹਿਰਾਜ (ਬਰਨਾਲਾ), ਭੋਡੀਪੁਰਾ (ਬਠਿੰਡਾ), ਲੰਭਵਾਲੀ (ਫਰੀਦਕੋਟ), ਬਾਠਾਂ ਖੁਰਦ (ਫਤਹਿਗੜ੍ਹ ਸਾਹਿਬ), ਪੰਨੀਵਾਲਾ ਮਾਹਲਾ (ਫਾਜ਼ਿਲਕਾ), ਮਨਕਿਆ ਵਾਲਾ (ਫਿਰੋਜ਼ਪੁਰ), ਧਮਰਾਈ (ਗੁਰਦਾਸਪੁਰ), ਨਾਰੂ ਨੰਗਲ ਕਿਲਾ (ਹੁਸ਼ਿਆਰਪੁਰ), ਰੁੜਕਾਂ ਕਲਾਂ (ਜਲੰਧਰ), ਮਾਣਕ (ਕਪੂਰਥਲਾ), ਚਹਿਲਾਂ (ਲੁਧਿਆਣਾ), ਮਾਣਕ ਹੇੜੀ (ਮਾਲੇਰਕੋਟਲਾ), ਮਾਨਬੀਬੜੀਆਂ (ਮਾਨਸਾ), ਪੱਤੋ ਜਵਾਹਰ ਸਿੰਘ ਵਾਲਾ (ਮੋਗਾ), ਭੂੰਦੜ (ਸ੍ਰੀ ਮੁਕਤਸਰ ਸਾਹਿਬ), ਮੋਹੀ ਕਲਾਂ (ਪਟਿਆਲਾ), ਮਨਵਾਲ (ਪਠਾਨਕੋਟ), ਦਤਾਰਪੁਰ (ਰੂਪਨਗਰ), ਘਰਾਚੋਂ (ਸੰਗਰੂਰ), ਭੱਦਲਵਡ (ਸੰਗਰੂਰ), ਮਾਜਰੀ (ਐਸ.ਏ.ਐਸ. ਨਗਰ), ਮਾਹਲ ਖੁਰਦ (ਐਸ.ਬੀ.ਐਸ. ਨਗਰ) ਅਤੇ ਰਾਮ ਸਿੰਘ ਵਾਲਾ (ਤਰਨ ਤਾਰਨ) ਸ਼ਾਮਲ ਹਨ।

'ਉੱਤਮ ਸਫਾਈ ਸੇਵਕ' ਐਵਾਰਡ

ਇਸ ਤੋਂ ਇਲਾਵਾ ਜਿਹੜੇ 23 'ਉੱਤਮ ਸਫਾਈ ਸੇਵਕ' ਐਵਾਰਡ ਦਿੱਤੇ ਗਏ ਹਨ ਉਨ੍ਹਾਂ ਵਿਚ ਕੁਲਵੰਤ ਸਿੰਘ (ਧਰਦਿਓ, ਰਈਆ), ਮੰਗੂ ਰਾਮ (ਭੋਤਨਾ, ਸ਼ਹਿਣਾ), ਗੁਰਮੀਤ ਸਿੰਘ (ਭੋਡੀਪੁਰਾ, ਭਗਤਾ ਭਾਈ ਕਾ), ਜਸਵਿੰਦਰ ਸਿੰਘ (ਮੁਮਾਰਾ, ਫਰੀਦਕੋਟ), ਸਤੀਸ਼ ਕੁਮਾਰ (ਭਾਮੀਆਂ, ਖਮਾਣੋਂ), ਸੁਨੀਲ ਕੁਮਾਰ (ਪੰਜ ਕੋਸੀ, ਖੂਈਆਂ ਸਰਵਰ), ਹਰਚਰਨ ਸਿੰਘ (ਕਸੋਆਣਾ, ਜ਼ੀਰਾ), ਲਖਵਿੰਦਰ ਸਿੰਘ (ਪੇਰੋਸ਼ਾਹ, ਸ੍ਰੀ ਹਰਗੋਬਿੰਦਪੁਰ), ਕੁਲਵਿੰਦਰ ਕੌਰ (ਬਿਲਸਾਪੁਰ, ਹੁਸ਼ਿਆਰਪੁਰ), ਬਸਤਿੰਦਰ ਸਿੰਘ (ਲਿੱਧਰਾਂ, ਜਲੰਧਰ ਪੱਛਮੀ), ਮੇਜਰ ਸਿੰਘ (ਸਿੱਧਵਾਂ, ਕਪੂਰਥਲਾ), ਸੁਮਿੱਤਰਾ (ਠੱਕਰਵਾਲ, ਲੁਧਿਆਣਾ-1), ਰਾਮਾਂ (ਮਾਣਕਹੇੜੀ, ਮਾਲੇਰਕੋਟਲਾ), ਸੱਤਿਆ ਪ੍ਰਕਾਸ਼ (ਦਾਤੇਵਾਸ, ਬੁਢਲਾਡਾ), ਕਰਮ ਚੰਦ (ਚੋਟੀਆਂ ਖੁਰਦ, ਮੋਗਾ-2), ਸੰਦੀਪ ਸਿੰਘ (ਕਿੱਲਿਆ ਵਾਲੀ, ਲੰਬੀ), ਗੋਪਾਲ ਵਰਮਾ (ਹਰਦਾਸਪੁਰ, ਪਟਿਆਲਾ ਦਿਹਾਤੀ), ਰਵਿੰਦਰ ਰਵਿਦਾਸ (ਮਨਵਾਲ, ਪਠਾਨਕੋਟ), ਚਰਨਜੀਤ ਸਿੰਘ (ਦਤਾਰਪੁਰ, ਮੋਰਿੰਡਾ), ਮੁਖਤਿਆਰ ਸਿੰਘ (ਮੋਜੋਵਾਲ, ਸੁਨਾਮ), ਅਕਾਸ਼ (ਮਦਨਹੇੜੀ, ਖਰੜ), ਸੁਖਵਿੰਦਰ ਰਾਮ (ਭਾਰਟਾ ਕਲਾਂ, ਐਸ.ਬੀ.ਐਸ. ਨਗਰ) ਅਤੇ ਰਾਮ ਲਾਲ (ਪੱਟੀ) ਦੇ ਨਾਂ ਸ਼ਾਮਲ ਹਨ।

'ਉੱਤਮ ਸਕੂਲ' ਐਵਾਰਡ

ਜਿਹੜੇ 23 ਸਰਕਾਰੀ ਸਕੂਲਾਂ ਨੂੰ 'ਉੱਤਮ ਸਕੂਲ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ ਉਨ੍ਹਾਂ ਵਿਚ ਪਿੰਡ ਝੰਜੋਤੀ (ਅੰਮ੍ਰਿਤਸਰ), ਉੱਪਲੀ (ਬਰਨਾਲਾ), ਪੱਕਾਂ ਕਲਾਂ (ਬਠਿੰਡਾ), ਸੁੱਖਣਵਾਲਾ (ਫਰੀਦਕੋਟ), ਸਮਸ਼ਪੁਰ (ਫਤਹਿਗੜ੍ਹ ਸਾਹਿਬ), ਚਾਨਣ ਵਾਲਾ (ਫਾਜ਼ਿਲਕਾ), ਭਾਂਗਰ/ਸਤੀਏ ਵਾਲਾ (ਫਿਰੋਜ਼ਪੁਰ), ਕੋਟ ਧੰਦਲ (ਗੁਰਦਾਸਪੁਰ), ਨਾਰੂ ਨੰਗਲ ਖਾਸ (ਹੁਸ਼ਿਆਰਪੁਰ), ਜਮਸ਼ੇਰ (ਜਲੰਧਰ), ਸਿੱਧਵਾਂ (ਕਪੂਰਥਲਾ), ਐਤਿਆਣਾ (ਲੁਧਿਆਣਾ), ਬਾਗੜੀਆਂ (ਮਾਲੇਰਕੋਟਲਾ), ਝੁਨੀਰ (ਮਾਨਸਾ), ਬਿਲਾਸਪੁਰ (ਮੋਗਾ), ਉਦੇਕਰਨ (ਸ੍ਰੀ ਮੁਕਤਸਰ ਸਾਹਿਬ), ਕਲਿਆਣ (ਪਟਿਆਲਾ), ਬਧਾਨੀ (ਪਠਾਨਕੋਟ), ਝੱਲੀਆਂ ਕਲਾਂ (ਰੂਪਨਗਰ), ਤੋਲਾਵਾਲ (ਸੰਗਰੂਰ), ਮੋਲੀ ਬੈਦਵਾਨ (ਐਸ.ਏ.ਐਸ. ਨਗਰ), ਹਿਆਲਾ (ਐਸ.ਬੀ.ਐਸ. ਨਗਰ) ਅਤੇ ਖਡੂਰ ਸਾਹਿਬ (ਤਰਨ ਤਾਰਨ) ਦੇ ਨਾਂ ਸ਼ਾਮਲ ਹਨ।

ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਦਾ ਸਨਮਾਨ

ਇਸ ਮੌਕੇ ਵਿਭਾਗ ਦੇ 7 ਅਧਿਕਾਰੀਆਂ/ਕਰਮਚਾਰੀਆਂ ਨੂੰ ਵੀ ਚੰਗਾ ਕੰਮ ਕਰਨ ਲਈ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਵਿਚ ਐਕਸੀਅਨ ਸਰਬਜੀਤ ਸਿੰਘ, ਸਹਾਇਕ ਜ਼ਿਲ੍ਹਾ ਸੈਨੀਟੇਸ਼ਨ ਅਫਸਰ ਨਵਨੀਤ ਕੁਮਾਰ ਜਿੰਦਲ, ਜੇਈ ਰਾਜਿੰਦਰ ਸਿੰਘ, ਸਮੁਦਾਇਕ ਵਿਕਾਸ ਮਾਹਿਰ ਰਾਜੀਵ ਗਰਗ ਤੇ ਸੁਮਿਤਾ ਸੋਫਤ ਅਤੇ ਆਈਈਸੀ ਮਾਹਿਰ ਪੂਨਮ ਰਾਣੀ ਸ਼ਾਮਲ ਹਨ।







## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਂਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਲਈ ਦੁੱਧ ਦੀ ਸੇਵਾ ਕਰਨ ਵਾਲੇ ਅਮਰ ਸ਼ਹੀਦ ਮੋਤੀ ਰਾਮ ਮਹਿਰਾ

ਧੰਨ ਧੰਨ ਬਾਬਾ ਮੋਤੀ ਰਾਮ ਮਹਿਰਾ ਜੀ ਸਿੱਖ ਪੰਥ ਦੇ ਲਾਸਾਨੀ ਅਤੇ ਸ਼੍ਰੋਮਣੀ ਸ਼ਹੀਦ ਹੋਏ ਹਨ ਜਿਨ੍ਹਾਂ ਨੇ ਗੁਰੂ ਚਰਨਾਂ ਦੇ ਪ੍ਰੇਮ ਵਿੱਚ ਭਿੱਜ ਕੇ ਆਪਣਾ ਤਨ ,ਮਨ ,ਧਨ ਨਿਸ਼ਾਵਰ ਕਰਦਿਆਂ ‘‘ਅਮਰ ਸ਼ਹੀਦ ‘‘ਦਾ ਖਿਤਾਬ ਪ੍ਰਾਪਤ ਕੀਤਾ .

ਬਾਬਾ ਮੋਤੀ ਰਾਮ ਮਹਿਰਾ ਜੀ ਦਾ ਜਨਮ 9 ਫਰਵਰੀ ,1677 ਨੂੰ ਪਿਤਾ ਹਰਾ ਰਾਮ ਜੀ ਦੇ ਘਰ ਮਾਤਾ ਲੱਧੋ ਜੀ ਦੀ ਕੁੱਖ ਤੋਂ ਹੋਇਆ . ਆਪ ਜੀ ਦੇ ਪਿਤਾ ਜੀ ਖਾਣਾ ਬਣਾਉਣ ਦਾ ਕੰਮ ਕਰਦੇ ਸਨ . ਪਿਤਾ ਪੁਰਖੀ ਕਾਰੋਬਾਰ ਹੋਣ ਕਾਰਨ ਆਪ ਜੀ ਨੇ ਵੀ ਇਸੀ ਕਾਰੋਬਾਰ ਵਿੱਚ ਮੁਹਾਰਤ ਹਾਸਲ ਕੀਤੀ ਅਤੇ 17 ਸਾਲ ਦੀ ਉਮਰ ਵਿੱਚ ਆਪ ਜੀ ਨੂੰ ਸੂਬਾ ਸਰਹਿੰਦ ਦੇ ਕੈਦਖਾਨੇ ਵਿੱਚ ਰਸੋਈਏ ਦੀ ਨੌਕਰੀ ਮਿਲੀ .

ਬਾਬਾ ਮੋਤੀ ਰਾਮ ਮਹਿਰਾ ਜੀ ਸਰਹਿੰਦ ਦੀ ਜੇਲ੍ਹ ਵਿਚ ਨਜ਼ਰਬੰਦ ਹਿੰਦੂ ਕੈਦੀਆਂ ਦੇ ਲੰਗਰ ਦੇ ਇੰਚਾਰਜ ਸਨ .


ਪਰੀ ਨਿਸਾ ਇੱਕ ਮੋਤੀ ਰਾਮ . ਪੈਂਚ ਕੈਦੀਆਂ ਰੋਟੀ ਰਾਮ .
( ਸ਼੍ਰੀ ਗੁਰਪੁਰ ਪ੍ਰਕਾਸ਼ )

ਧੰਨ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਵੱਲੋ ਥਾਪੇ ਪੰਜ ਪਿਆਰਿਆਂ ਵਿੱਚੋ ਭਾਈ ਹਿੰਮਤ ਸਿੰਘ ਰਿਸ਼ਤੇ ਵਿੱਚ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਚਾਚਾ ਜੀ ਲੱਗਦੇ ਸਨ .

ਮੋਤੀ ਰਾਮ ਸੰਗਿਤਪੁਰ ਵਾਸੀ . ਰਾਮ ਨਾਮ ਜਪ ਪੁੰਨ ਕਮਾਸੀ .
ਹਿੰਮਤ ਸਿੰਘ ਤਿਤ ਚਾਚੂ ਜਾਨਹੁ . ਪਾਂਚ ਪਯਾਰਣ ਮਾਹਿ ਪ੍ਰਧਾਨਹੁ .

ਧੰਨ ਧੰਨ ਮਾਤਾ ਗੁਜਰ ਕੌਰ ਜੀ ਅਤੇ ਛੋਟ ਸਾਹਿਬਜਾਦਿਆ ਧੰਨ ਧੰਨ ਬਾਬਾ ਜ਼ੋਰਾਵਰ ਸਿੰਘ ਜੀ ਤੇ ਧੰਨ ਧੰਨ ਬਾਬਾ ਫਤਿਹ ਸਿੰਘ ਜੀ ਨੂੰ ਜਦੋਂ ਮੋਰਿੰਡਾ ਦੇ ਕੋਤਵਾਲ ਨੇ ਗੰਗੂ ਬ੍ਰਾਹਮਣ ਦੀ ਸ਼ਿਕਾਇਤ ਤੇ ਗ੍ਰਿਫਤਾਰ ਕਰਕੇ ਸਰਹਿੰਦ ਦੇ ਨਵਾਬ ਵਜ਼ੀਰ ਖਾਂ ਅੱਗੇ ਪੇਸ਼ ਕੀਤੇ ਤਾਂ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਠੰਡੇ ਬੁਰਜ ਵਿੱਚ ਰੱਖਿਆ ਗਿਆ .

ਸਰਹਿੰਦ ਦੇ ਨਵਾਬ ਨੇ ਐਲਾਨ ਕਰ ਦਿੱਤਾ ਕਿ ਜਿਹੜਾ ਵੀ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਦੇ ਮਦਦ ਕਰੇਗਾ , ਉਸ ਨੂੰ ਪਰਿਵਾਰ ਸਮੇਤ ਕੋਹਲੂ ਵਿੱਚ ਪੀੜ ਦਿੱਤਾ ਜਾਵੇਗਾ ਪਰ ਇਸ ਦੇ ਬਾਵਜੂਦ ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਜਦੋ ਪਤਾ ਲੱਗਿਆ ਕਿ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਠੰਡੇ ਬੁਰਜ ਵਿੱਚ ਰੱਖਿਆ ਹੋਇਆ ਹੈ ਤਾਂ ਉਹ ਬੜੇ ਪਿਆਰ ਨਾਲ ਪਰਸ਼ਾਦਾ ਤਿਆਰ ਕਰਕੇ ਠੰਡੇ ਬੁਰਜ ਪਹੁੰਚੇ ਪਰ ਮਾਤਾ ਜੀ ਨੇ ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਕਿਹਾ ਕਿ ਆਪ ਜੀ ਦੀ ਸੇਵਾ ਪ੍ਰਵਾਨ ਹੈ ਪਰ ਅਸੀਂ ਮੁਗ਼ਲਾਂ ਦੀ ਰਸੋਈ ਦਾ ਬਣਿਆ ਖਾਣਾ ਨਹੀਂ ਛੱਕਣਾ . ਇਹ ਸੁਣ ਕੇ ਬਾਬਾ ਮੋਤੀ ਰਾਮ ਮਹਿਰਾ ਜੀ ਬਹੁਤ ਚਿੰਤਤ ਹੋਏ ਤੇ ਉਦਾਸੀ ਦੇ ਆਲਮ ਵਿੱਚ ਆਪਣੇ ਘਰ ਪਹੁੰਚੇ . ਬਾਬਾ ਜੀ ਦੇ ਮਾਤਾ ਜੀ ਅਤੇ ਧਰਮ ਸੁਪਤਨੀ ਨੇ ਬਾਬਾ ਜੀ ਨੂੰ ਚਿੰਤਾ ਦਾ ਕਾਰਨ ਪੁੱਛਿਆ ਤਾ ਉਨਾਂ ਨੇ ਦੱਸਿਆਂ ਕਿ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਸਤਿਕਾਰਯੋਗ ਮਾਤਾ ਜੀ ਅਤੇ ਛੋਟੇ ਸਾਹਿਬਜ਼ਾਦਿਆ ਨੂੰ ਸਰਹਿੰਦ ਦੇ ਨਵਾਬ ਨੇ ਠੰਡੇ ਬੁਰਜ ਵਿੱਚ ਰੱਖਿਆ ਹੋਇਆ ਹੈ , ਮਲੇਛਾਂ ਦੀ ਰਸੋਈ ਦਾ ਖਾਣਾ ਖਾਣ ਤੋਂ ਉੱਨਾ ਨੇ ਇਨਕਾਰ ਕਰ ਦਿੱਤਾ ਹੈ ਤੇ ਕਈ ਦਿਨਾਂ ਤੋਂ ਉਹ ਭੁੱਖੇ ਪਿਆਸੇ ਹਨ .ਜੰਗਲ ਬੇਲਿਆਂ ਵਿੱਚ ਸਫਰ ਕਰਨ ਕਰਕੇ ਕੰਡਿਆਲੀਆਂ ਝਾੜੀਆਂ ਨਾਲ ਉੱਨਾ ਦੇ ਬਸਤਰ ਲੀਰੋ ਲੀਰ ਹੋ ਗਏ ਹਨ ਅਤੇ ਸਰੀਰ ਤੇ ਝਰੀਟਾਂ ਅਤੇ ਜਖ਼ਮ ਵੀ ਹੋ ਚੁੱਕੇ ਹਨ . ਲੰਬਾ ਸਫਰ ਹੋਣ ਕਰਕੇ ਸਾਹਿਬਜ਼ਾਦਿਆਂ ਦੇ ਪੈਰ ਵਿੱਚ ਛਾਲੇ ਪੈ ਗਏ ਜਨ ਅਤੇ ਪੈਰ ਵੀ ਸੁੱਜ ਗਏ ਹਨ ਤੇ ਹੁਣ ਠੰਡੇ ਬੁਰਜ ਵਿੱਚ ਤੇਜ਼ ਹਵਾ ਚੱਲਣ ਕਰਕੇ ਕੜਾਕੇ ਦੀ ਠੰਡ ਨਾਲ ਸਾਹਿਬਜ਼ਾਦਿਆਂ ਦੇ ਜ਼ਖਮ ਆਕੜ ਗਏ ਹਨ ਤੇ ਬਹੁਤ ਤਕਲੀਫ ਦੇ ਰਹੇ ਹਨ ਪਰ ਇਸ ਦੇ ਬਾਵਜੂਦ ਮਾਤਾ ਜੀ ਅਤੇ ਸਾਹਿਬਜਾਦੇ ਚੜ੍ਹਦੀਕਲਾਂ ਵਿੱਚ ਹਨ . ਇਹ ਦਰਦ ਭਰੀ ਦਾਸਤਾਨ ਸੁਣ ਕੇ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਮਾਤਾ ਜੀ ਅਤੇ ਧਰਮ ਸੁਪਤਨੀ ਜੀ ਨੇ ਕਿਹਾ ਕਿ ਇਸ ਸਮੇਂ ਸਾਨੂੰ ਗੁਰੂ ਸਾਹਿਬ ਜੀ ਦੇਪਰਿਵਾਰ ਦੀ ਸੇਵਾ ਵਿੱਚ ਹਾਜ਼ਰ ਹੋਣਾ ਚਾਹੀਦਾ ਹੈ . ਆਪਣੇ ਘਰ ਸਲਾਹ ਕਰਕੇ ਬਾਬਾ ਮੋਤੀ ਰਾਮ ਮਹਿਰਾ ਜੀ ਬੜੀ ਸੁਚਮੱਤਾ ਨਾਲ ਗਰਮ ਦੁੱਧ ਦਾ ਗੜਵਾ ਲੈ ਕੇ ਠੰਡੇ ਬੁਰਜ ਵੱਲ ਚੱਲ ਪਏ . ਚੱਲਣ ਤੋਂ ਪਹਿਲਾਂ ਬਾਬਾ ਜੀ ਦੇ ਧਰਮ ਸੁਪਤਨੀ ਨੇ ਆਪਣੇ ਗਹਿਣੇ ਦੇ ਕੇ ਅੱਗੇ ਲੰਘ ਜਾਣਾ ਪਰ ਇਹ ਸੇਵਾ ਜ਼ਰੂਰ ਨਿਭਾਉਣੀ . ਧੰਨ ਹਨ ਬਾਬਾ ਜੀ ਦੇ ਮਾਤਾ ਜੀ ਅਤੇ ਧਰਮ ਸੁਪਤਨੀ ਜਿਨ੍ਹਾਂ ਨੇ ਨਿਭਾਉਣ ਲਈ ਬਾਬਾ ਜੀ ਲਈ ਤਨ , ਮਨ ਅਤੇ ਧਨ ਨਾਲ ਸਾਥ ਦਿੱਤਾ . ਬਾਬਾ ਮੋਤੀ ਰਾਮ ਮਹਿਰਾ ਜੀ ਜਦੋਂ ਦੁੱਧ ਦਾ ਗੜਵਾ



ਲੈ ਕੇ ਠੰਡਾ ਬੁਰਜ ਕੋਲ ਪੁਹੰਚੇ ਤਾਂ ਪਹਿਰੇਦਾਰ ਨੇ ਰੋਕ ਲਿਆ ਤੇ ਬਾਬਾ ਜੀ ਨੇ ਗਹਿਣੇ ਰਿਸ਼ਵਤ ਦੇ ਰੂਪ ਵਿੱਚ ਪਹਿਰੇਦਾਰ ਨੂੰ ਦੇ ਦਿੱਤਾ . ਪਹਿਰੇਦਾਰ ਬਾਬਾ ਜੀ ਨੂੰ ਪੁੱਛਣ ਲੱਗਾ ਕਿ ਕੀ ਤੁਹਾਨੂੰ ਨਵਾਬ ਦਾ ਡਰ ਨਹੀਂ ਲੱਗਦਾ ਕਿਉਂਕਿ ਉਸ ਨੇ ਐਲਾਨ ਕੀਤਾ ਹੋਇਆ ਹੈ ਕਿ ਜਿਹੜਾ ਵੀ ਗੁਰੂ ਸਾਹਿਬ ਜੀ ਦੇ ਪਰਿਵਾਰ ਦੀ ਮਦਦ ਕਰੇਗਾ , ਉਸ ਨੇ ਕੋਹਲੂ ਵਿੱਚ ਪੀੜ ਦਿੱਤਾ ਜਵੇਗਾ .ਬਾਬਾ ਜੀ ਬੜੀ ਨਿਮ-ਰਤਾ ਨੇ ਪ੍ਰੇਮ ਵਿੱਚ ਭਿੱਜ ਕੇ ਕਹਿਣ ਲੱਗੇ , ਗੁਰੂ ਦੀ ਖੁਸ਼ੀ ਪ੍ਰਾਪਤ ਕਰਨ ਲਈ ਜੇ ਆਪਣਾ ਆਪ ਨਿਛਾਵਰ ਵੀ ਕਰਨਾ ਪੈ ਜਾਵੇ ਤੇ ਕੋਈ ਵੱਡੀ ਗੱਲ ਨਹੀਂ .ਪਹਿਰੇਦਾਰ ਨੇ ਅੱਗੇ ਜਾਣ ਦੀ ਇਜ਼ਾਜਤ ਦੇ ਦਿੱਤੀ .ਕੜਾਕੇ ਦੀ ਠੰਡ ਵਿੱਚ ਠੰਡੇ ਬੁਰਜ ਵਿੱਚ ਮਾਤਾ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਗਰਮ ਗਰਮ ਦੁੱਧ ਪਿਲਾਇਆ ਤੇ ਮਾਤਾ ਗੁਜਰ ਕੌਰ ਜੀ ਕੇ ਅਨੇਕਾਂ ਆਸੀਸ਼ਾ ਦਿੱਤੀਆਂ . ਕਵੀ ਸੰਤਰੇਣ ਭਾਈ ਪ੍ਰੇਮ ਸਿੰਘ ਜੀ ਲਿਖਦੇ ਜਨ :

ਪਿਖ ਕੇ ਪ੍ਰੇਮ ਸੁ ਮੋਤੀ ਕੇਰਾ . ਮਾਤਾ ਕਹੈਯੋ ਭਲਾ ਹੋਵੈ ਤੇਰਾ .

ਬਾਬਾ ਮੋਤੀ ਰਾਮ ਜੀ ਲਈ ਮਾਤਾ ਗੁਜਰ ਕੌਰ ਜੀ ਦੇ ਅਸੀਸ ਇੱਕ ਅਗੰਮੀ ਸਰਮਾਇਆ ਸੀ . ਇਸ ਸਰਮਾਏ ਦੇ ਸਾਮਹਣੇ ਦੁਨੀਆਂ ਦੀਆ ਸਭ ਦੌਲਤਾਂ ਉੱਨਾ ਲਈ ਹੁਣ ਮਿੱਟੀ ਸਮਾਨ ਸਨ . ਬਾਬਾ ਜੀ ਨੇ ਤਿੰਨ ਰਾਤਾਂ ਮਾਤਾ ਜੀ ਅਤੇ ਛੋਟੇ ਸਾਹਿਬਜਾਦਿਆਂ ਨੂੰ ਦੁੱਧ ਛਕਾਉਣ ਦੀ ਪਾਵਨ ਸੇਵਾ ਨਿਭਾਈ .

ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਬਾਬਾ ਮੋਤੀ ਰਾਮ ਮਹਿਰਾ ਜੀ ਨੇ ਆਪਣੀ ਅੱਖੀਂ ਦੇਖੀ ਤੇ ਫਿਰ ਵੈਰਾਗ ਵਿੱਚ ਆ ਕੇ ਆਪਣੀਆਂ ਹੰਜੂਆਂ ਨਾਲ ਭਰੀਆਂ ਅੱਖਾਂ ਨੂੰ ਸੰਭਾਲਦਿਆਂ ਮਾਤਾ ਗੁਜਰ ਕੌਰ ਜੀ ਨੂੰ ਠੰਡੇ ਬੁਰਜ ਜਾ ਕੇ ਇਸ ਸ਼ਹੀਦੀ ਸਾਕੇ ਦੀ ਖ਼ਬਰ ਦੱਸੀ . ਮਾਤਾ ਜੀ ਨੂੰ ਇਹ ਖ਼ਬਰ ਦੱਸਣੀ ਬਾਬਾ ਮੋਤੀ ਰਾਮ ਮਹਿਰਾ ਜੀ ਲਈ ਕਿਸੇ ਕਰੜੀ ਘਾਲਣਾ ਨਾਲੋਂ ਘੱਟ ਨਹੀਂ ਸੀ . ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਸੁਣ ਕੇ ਮਾਤਾ ਜੀ ਨੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ ਤੇ ਬਾਬਾ ਮੋਤੀ ਰਾਮ ਮਹਿਰਾ ਜੀ ਨੇ ਮਿਹਰਾਂ ਦੀ ਝਾਰੀ ਲੱਗਾ ਦਿੱਤੀ .ਉਪਰੰਤ ਮਾਤਾ ਜੀ ਵੀ ਦੇ ਦਸਮ ਦਵਾਰ ਰਾਹੀਂ ਆਪਣੇ ਸਵਾਸ ਬਾਹਰ ਕੱਢ ਕੇ ਸੱਚਖੰਡ ਪਿਆਨਾ ਕੀਤਾ . ਮਾਤਾ ਜੀ ਅਤੇ ਸਾਹਿਬਜਾਦਿਆਂ ਦੀ ਸ਼ਹੀਦੀ ਉਪਰੰਤ ਦੀਵਾਨ ਟੋਡਰ ਮੱਲ ਜੀ ਨਾਲ ਸਲਾਹ ਕਰਕੇ ਬਾਬਾ ਜੀ ਨੇ ਅੱਤੇ ਖਾਨ ਨਾਮੀ ਲੱਕੜਹਾਰੇ ਤੋਂ ਚੰਦਨ ਦੀ ਲੱਕੜ ਦਾ ਗੱਡਾ ਭਰ ਕੇ ਲਿਆਂਦਾ ਤੇ ਗੁਰੂਦਵਾਰਾ ਜੋਤੀ ਸਰੂਪ ਸਾਹਿਬ ਵਿਖੇ ਆਪਣੇ ਹੱਥੀਂ ਚਿਖਾ ਚਿਨ ਕੇ ਦੀਵਾਰ ਟੋਡਰ ਮੱਲ ਜੀ ਨਾਲ ਮਾਤਾ ਜੀ ਤੇ ਛੋਟੇ ਸਾਹਿਬਜਾਂਦਿਆਂ ਦਾ ਸੰਸਕਾਰ ਕੀਤਾ .ਬਾਬਾ ਜੀ ਨੇ ਆਪਣੇ ਪਾਵਨ ਬਿਬਾਨਾ ਨੂੰ ਮੋਢੇ ਲਗਾਇਆ . ਬਾਬਾ ਮੋਤੀ ਰਾਮ ਮਹਿਰਾ ਜੀ ਵਲੋਂ ਨਿਭਾਈ ਗਈ ਇਹ ਸੇਵਾ ਗੁਪਤ ਹੀ ਰਹਿੰਦੀ ਪਰ ਗੰਗੂ ਬ੍ਰਾਹਮਣ ਦਾ ਚਚੇਰਾ ਭਰਾ ਜਿਸ ਦਾ ਇਤਿਹਾਸ ਵਿੱਚ ਨਾਂ ਪੰਮਾ ਲੰਗਾ ਆਇਆ ਹੈ ਜਿਹੜਾ ਬਾਬਾ ਮੋਤੀ ਰਾਮ ਮਹਿਰਾ ਜੀ ਨਾਲ ਵਜੀਦ ਖਾਂ ਦੀ ਰਸੋਈ ਵਿੱਚ ਰਸੋਈਏ ਦਾ ਕੰਮ ਕਰਦਾ ਸੀ ,ਨੇ ਵਜੀਦ ਖਾਂ ਨੂੰ ਬਾਬਾ ਜੀ ਦੀ ਸ਼ਿਕਾਇਤ ਕਰ ਦਿੱਤੀ .

ਨੀਚ ਗੰਗੂ ਕੋ ਭ੍ਰਾਂਤ ਇਕ ਲੰਗਾ .. ਤਿਨ ਲੀਨੋ ਮੋਤੀ ਸੰਗ ਪੰਗਾ ..
ਜਾਇ ਵਜੀਦ੍ਹੀ ਭੇਦ ਬਤਾਇਯੋ ..ਇੱਕ ਝੀਵਰ ਹੈ ਪੇਯ ਪਿਆਇਯੋ ..
ਗੁਰ ਕੋ ਮਾਤ ਬਾਲ ਸੁਖਦਾਈ .. ਇਸਹਿ ਦੀਨ ਬਹੁਤ ਵਡਿਆਈ ..

ਪੰਮੇ ਲੰਗੇ ਦੀ ਚੁਗਲੀ ਕਰਨ ਨੇ ਵਜੀਦ ਖਾਂ ਦੇ ਹੁਕਮ ਨਾਲ ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਪਰਿਵਾਰ ਸਮੇਤ ਪੇਸ਼ ਹੋਣ ਲਈ ਕਿਹਾ ਗਿਆ . ਵਜੀਦ ਖਾਂ ਨੇ ਕਰੋਧ ਨਾਲ ਅੱਗ ਬਬੂਲਾ ਹੋ ਜੋ ਗਰਜ ਕ ਕਿਹਾ ਮੋਤੀ ਰਾਮ, ਤੇਰੀ ਸ਼ਿਕਾਇਤ ਆਈ ਹੈ ਕਿ ਤੂੰ ਵੀ ਸਿੱਖ ਹੈ ਤੇ ਤੂੰ ਮਾਤਾ ਜੀ ਅਤੇ ਸਾਹਿਬਜਾਦਿਆਂ ਨੂੰ ਦੁੱਧ ਪਿਲਾਇਆ ਹੈ . ਬਾਬਾ ਮੋਤੀ ਰਾਮ ਮਹਿਰਾ ਜੀ ਕਹਿਣ ਲੱਗੇ ਕਿ ਇਹ ਸੱਚਾਈ ਹੈ .ਮੈਂ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸ਼ਰਧਾਲੂ ਹਾਂ ਅਤੇ ਮੇਰੇ ਪਿਤਾ ਜੀ ਹਰਾ ਰਾਮ ਜੀ ਸ਼੍ਰੀ ਅਨੰਦਪੁਰ ਸਾਹਿਬ ਰਸਮ ਦਾ ਗੱਡਾ ਲੈ ਕੇ ਗਏ ਸਨ ਪਰ ਘੇਰਾਬੰਦੀ ਹੋਣ ਕਰਕੇ ਉਹ ਸ਼੍ਰੀ ਅਨੰਦਪੁਰ ਸਾਹਿਬ ਕਿਲੋ ਦੇ ਅੰਦਰ ਹੀ ਰਹੇ ਤੇ ਫਿਰ ਅੰਮ੍ਰਿਤ ਛੱਕ ਕੇ ਸਿੰਘ ਸਜ ਗਏ ਤੇ ਹਰਾ ਸਿੰਘ ਬਣ ਗਏ . ਉੱਨਾ ਨੇ ਸ਼੍ਰੀ ਅਨੰਦਪੁਰ ਸਾਹਿਬ ਦੀ ਜੰਗ ਵਿੱਚ ਸ਼ਹੀਦੀ ਪ੍ਰਾਪਤ ਕੀਤੀ .ਇਹ ਸੁਣ ਕੇ ਵਜੀਦ ਖਾਂ ਹੋਰ ਭੜਕ ਗਿਆ ਤੇ ਹੁਕਮ ਕਰ ਦਿੱਤਾ ਜਾਂ ਤਾਂ ਮੁਸਲਮਾਨ ਬਣ ਜਾਓ ਨਹੀਂ ਤਾਂ ਫਿਰ ਕੋਹਲੂ ਵਿੱਚ ਪੀੜ ਦਿੱਤਾ ਜਾਵੇਗਾ .ਬਾਬਾ ਜੀ ਨੇ ਸ਼ਹੀਦ ਹੋਣ ਪ੍ਰਵਾਨ ਕੀਤਾ .ਜ਼ਾਲਮ ਹਾਕਮ ਅਜੇ ਹੋਰ ਵੀ ਅਜਮਾਇਸ਼ ਲੈਣਾ ਚਾਹੁੰਦੇ ਸਨ.ਸੂਭਾ ਸਰਹਿੰਦ ਨੇ ਹੁਕਮ ਸੁਣਾਇਆ ਕਿ ਸਭ ਤੋਂ ਪਹਿਲਾਂ ਇਸ ਦੇ ਪੁੱਤਰ ਨੂੰ ਕੋਹਲੂ ਚਕੇ ਪੀੜ ਦਿਓ .ਬਾਬਾ ਜੀ ਨੇ ਆਪਣੇ ਪੁੱਤਰ ਨੂੰ ਦੇਖਿਆ .ਸਾਰਾ ਦਰਬਾਰ ਸਾਹ ਰੋਕੀ ਪਿਓ ਪੁੱਤਰ ਦੀ ਮਿਲਣੀ ਨੂੰ ਵਾਚ ਰਿਹਾ ਸੀ .ਬਾਬਾ ਜੀ ਨੂੰ ਮਹਿਸੂਸ ਹੋਇਆ ਜਿਸ ਰਸਤੇ ਗੁਰੂ ਜੀ ਦੇ ਲਾਲ ਤੁਰੇ ਹਨ , ਉਸੇ ਹੀ ਪਗਡੰਡੀ ਤੇ ਤੁਰਨ ਦਾ ਸੁਭਾਗ ਉਸ ਨੂੰ ਗੁਰੂ ਦੀ ਇਲਾਹੀ ਨਦਰਿ ਨਾਲ ਪ੍ਰਾਪਤ ਹੋ ਰਿਹਾ ਹੈ .ਬਾਬਾ ਮੋਤੀ ਰਾਮ ਜੀ ਦੀਆਂ ਅੱਖਾਂ ਸਾਹਮਣੇ ਬਾਬਾ ਜੀ ਦੇ ਛੇ ਸਾਲਾਂ ਸੁਪੁੱਤਰ ;ਅੱਸੀ ਸਾਲਾਂ ਮਾਤਾ , ਮਾਤਾ ਲੱਧੋ ਜੀ ਅਤੇ ਧਰਮ ਸੁਪਤਨੀ ਬੀਬੀ ਭੋਲੀ ਜੀ ਨੂੰ ਸਰਹਿੰਦ ਤੇ ਤੇਲੀਆਂ ਮੁਹੱਲੇ ਵਿੱਚ ਕੋਹਲੂ ਵਿੱਚ ਪੀੜ ਕੇ ਸ਼ਹੀਦ ਕਰ ਦਿੱਤਾ ਗਿਆ .ਪਰਿਵਾਰ ਕੋਹਲੂ ਵਿੱਚ ਪੀੜ੍ਹਿਆਂ ਜਾ ਰਿਹਾ ਸੀ ਪਰ ਬਾਬਾ ਮੋਤੀ ਰਾਮ ਮਹਿਰਾ ਜੀ ਰੱਬੀ ਭਾਣਿਆ ਦੇ ਵਿਸਮਾਦੀ ਕੌਤਕਾਂ ਨੂੰ ਮੁੰਦੀਆਂ ਹੋਈਆਂ ਅੱਖਾਂ ਨਾਲ ਵੇਖ ਰਹੇ ਸਨ .ਵਾਰੋ ਵਾਰੀ ਸਾਰਾ ਪਰਿਵਾਰ ਕੋਹਲੂ ਵਿੱਚ ਪੀੜ ਦਿੱਤਾ ਗਿਆ .ਤੇਲ ਵਾਲਾ ਕੜਾਹਾ ਖ਼ੂਨ ਨਾਲ ਭਰ ਗਿਆ .ਹੱਡੀਆਂ ਦਾ ਚੂਨਾ ਬਣ ਗਿਆ . ਮਾਸ ਨਪੀੜ ਹੋ ਕੇ ਮਿੱਝ ਦੀ ਸ਼ਕਲ ਵਿੱਚ ਬਦਲ ਗਿਆ . ਸੰਸਾਰ ਦੀ ਨਾਸਵਾਸਨਤਾ ਦਾ ਭਿਅੰਕਰ ਰੂਪ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਸਾਹਮਣੇ ਪ੍ਰਗਟ ਹੋ ਗਿਆ ਪਰ ਸਤਿਗੁਰ ਜੀ ਦੀ ਮਿਹਰਵਾਨ ਨਦਰਿ ਸਦਕਾ ਇੱਕ ਛਿਨ ਵਿੱਚ ਹੀ ਬਾਬਾ ਮੋਤੀ ਰਾਮ ਮਹਿਰਾ ਜੀ ਤ੍ਰੇਕਾਲ ਦਰਸ਼ੀ ਬਣ ਗਏ .ਬਾਬਾ ਜੀ ਨੇ ਸ਼ਹੀਦੀ ਉਪਰੰਤ ਫਿਰ ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਕੋਹਲੂ ਵਿੱਚ ਪੀੜ ਕੇ ਸ਼ਹੀਦ ਕਰ ਦਿੱਤਾ ਗਿਆ . ਬਾਬਾ ਬੰਦਾ ਬਹਾਦਰ ਨੇ ਜਦੋਂ ਸਰਹੰਦ ਫਤਿਹ ਕੀਤੀ ਤੇ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਘਾਲਣਾ ਸੁਣ ਉੱਨਾ ਦੇ ਮੁੱਖ ਵਿੱਚੋ ਫਿਰ ਇਹ ਬਚਨ ਨਿਕਲਿਆ :

ਧੰਨ ਮੋਤੀ ਜਿਨੁ ਪੁੰਨ ਕਮਾਇਆ .
ਗੁਰ ਲਾਲਾਂ ਤਾਈਂ ਦੁੱਧ ਪਿਲਾਇਆ .

ਬਾਬਾ ਮੋਤੀ ਰਾਮ ਮਹਿਰਾ ਜੀ ਸਤਿਗੁਰੂ ਜੀ ਦੇ ਸਨਮੁੱਖ ਅਮਲੀ ਤੌਰ ਤੇ ਨਾਮ ਸਿਮਰ ਕੇ ਪ੍ਰਵਾਨ ਹੋਏ ਅਤੇ ਉੱਨਾ ਨੂੰ ਸੱਚੀ ਦਰਗਾਹ ਵਿੱਚ ਮਾਣ ਪ੍ਰਾਪਤ ਹੋਇਆ .

ਜਿਨ ਗੁਰਮੁਖਿ ਨਾਮੁ ਧਿਆਇਆ ਆਏ ਤੇ ਪਰਵਾਣ ..
ਨਾਨਕ ਕੁਲ ਉਧਾਰਹਿ ਆਪਣਾ ਦਰਗਹ ਪਾਵਹਿ ਮਾਣੁ ..

ਗੁਰੂਦਵਾਰਾ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ,ਗੁਰੂਦਵਾਰਾ ਫਤੇਹਗੜ੍ਹ ਸਾਹਿਬ ਤੋਂ ਕੁਝ ਮੀਟਰ ਦੀ ਦੂਰੀ ਤੇ ਸਥਿਤ ਹੈ . ਇੱਥੇ ਉਹ ਪਾਵਨ ਗਿਲਾਸ ਸੁਭਾਇਮਾਨ ਹਨ ਜਿਨ੍ਹਾਂ ਵਿੱਚ ਛੋਟੇ ਸਾਹਿਬਜਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਨੇ ਠੰਡੇ ਬੁਰਜ ਵਿਖੇ ਦੁੱਧ ਛਕਿਆ ਸੀ .

ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਵੱਲੋ ਧੰਨ ਧੰਨ ਬਾਬਾ ਮੋਤੀ ਰਾਮ ਮੇਹਰ ਜੀ ਨੂੰ ਬਖ਼ਸ਼ਸ਼ ਕੀਤੀ ਅਸੀਸ

ਦਸਵੇਂ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਉਸ ਸਮੇਂ ਮਾਲਵੇ ਪਿੰਡ ਵਿੱਚ ਸੀਲੋਆਨੀ ਵਿਖੇ ਸਨ ਜਦੋਂ ਉੱਨਾ ਨੂੰ ਕਲ੍ਹਾ ਦੇ ਭੇਜੇ ਹੋਏ ਨੂਰੇ ਮਾਹੀ ਨੇ ਛੋਟੇ ਸਾਹਿਬਜਾਦਿਆਂ ਦੀ ਸ਼ਹਾਦਤ ਦਾ ਸਾਕਾ ਸੁਣਾਇਆ ਅਤੇ ਸਰਹਿੰਦ ਵਿੱਚ ਸਾਰੀ ਬੀਤੀ ਹੋਈ ਵਿਸਥਾਰ ਨਾਲ ਦੱਸੀ .ਚੋਜੀ ਸਤਿਗੁਰੂ ਜੀ ਨੇ ਜ਼ੁਲਮ ਦੀ ਇੰਤਹਾ ਵਾਰੇ ਸੁਣ ਕੇ ਉੱਥੇ ਉੱਗੇ ਕਾਈ ਦੇ ਬੂਟੇ ਨੂੰ ਪੁੱਟ ਕੇ ਸੁਟਿਆ ਅਤੇ ਬਚਨ ਕੀਤੇ ਕਿ ਸਰਹਿੰਦ ਦੇ ਤੁਰਕਾਂ ਦੀ ਜੜ੍ਹ ਪੁੱਟੀ ਗਈ . ਪਾਪ ਦੀ ਬੇੜੀ ਭਰ ਚੁੱਕੀ ਹੈ . ਅੱਜ ਤੋਂ ਜ਼ੁਲਮੀ ਹਕੂਮਤ ਦਾ ਖ਼ਾਤਮਾ ਹੋਣਾ ਸ਼ੁਰੂ ਗਿਆ ਹੈ .

ਬਾਬਾ ਮੋਤੀ ਰਾਮ ਮਹਿਰਾ ਜੀ ਦੀ ਸੇਵਾ ਅਤੇ ਸ਼ਹਾਦਤ ਨੂੰ ਕਰੜੀ ਘਾਲਣਾ ਦਾ ਨਾਂ ਦਿੰਦਿਆਂ ਸ਼੍ਰੀ ਦਸ਼ਮੇਸ਼ ਪਿਤਾ ਜੀ ਨੇ ਫ਼ਰਮਾਇਆ ਕਿ ਮੋਤੀ ਰਾਮ ਮਹਿਰਾ ਨੇ ਆਪਣੇ ਘਾਲ ਕਮਾਈ ਨਾਲ ਸਾਡੇ ਅਤਿ ਨਿਕਟ ਪਿਆਰੇ ਗੁਰੂਸਿੱਖ ਦਾ ਦਰਜਾ ਪ੍ਰਾਪਤ ਕਰ ਲਿਆ ਹੈ .ਕਲਗੀਧਰ ਪਾਤਸ਼ਾਹ ਜੀ ਨੇ ਬਚਨ ਕੀਤਾ ਕਿ ਜਗਤ ਦਾ ਤਮਾਸ਼ਾ ਦੇਖ ਕੇ ਜਦੋ ਅਸੀਂ ਸੱਚਖੰਡ ਵਿੱਚ ਜਾ ਕੇ ਬਿਰਾਜਾਗੇ ,ਉੱਦੋ ਮੋਤੀ ਰਾਮ ਦਾ ਵਸੇਬਾ ਬਿਲਕੁਲ ਸਾਡੇ ਨਜ਼ਦੀਕ ਹੋਵੇਗਾ ਅਤੇ ਅਸੀਂ ਹਮੇਸ਼ਾ ਉਸ ਨੂੰ ਆਪਣੇ ਗਲੇ ਦਾ ਹਾਰ ਬਣਾ ਕੇ ਹਿਰਦੇ ਵਿੱਚ ਵਸਾ ਕੇ ਰੱਖਾਂਗੇ . ਭਾਈ ਕਿਸ਼ਨ ਸਿੰਘ ਜੀ ਰਚਿਤ ਸਾਹਦਨਾਮਾ ਦੀ ਗਵਾਹੀ ਹੈ :

ਮੋਤੀ ਹਮਰੇ ਸਿੱਖ ਪਯਾਰਾ . ਤਿਸ ਕਾ ਕਰਜ ਮਮ ਸਿਰ ਭਾਰਾ .
ਜਬ ਹਮ ਦਰਗਹਿ ਜਾਇ ਬਿਰਾਜੈ . ,ਮੋਤੀ ਰਾਮ ਹਮ ਨਿਕਟ ਰਹਾਜੇ .
ਸੱਚਖੰਡ ਜਬ ਕਰਹਿ ਹਮ ਵਾਸਾ . ਮੋਤੀ ਰਾਮ ਮਮ ਢਿੱਗ ਹੋਇ ਵਾਸਾ .
ਹਮਰੇ ਉਰ ਕਾ ਹਾਰ ਵਹ ਬਨੇ . ਸਦ ਹੀ ਹਮਰੇ ਰਿਦ ਸੰਗ ਸਨੇ .

ਤਵਾਰੀਖ ਅਤੇ ਲੋਕ ਚੇਤਨਾ ਕਿਸੇ ਵਿਅਕਤੀ ਨੂੰ ਐਸਾ ਰੁਤਵਾ ਆਵੇ ਨਹੀਂ ਦੇ ਦਿੰਦੇ . ਅਜਿਹਾ ਅਵਸਥਾ ਦੀ ਪ੍ਰਾਪਤੀ ਲਈ ਪੂਰਬਲੇ ਕਰਮਾਂ ਦੇ ਆਮਿਨਵੇਂ ਤੇਜ ਦੇ ਨਾਲ ਰੱਬੀ ਰਹਿਮਤਾਂ ਦਾ ਵਿਸ਼ਮਾਦੀ ਵਰਤਾਵਾਂ ਅਤੇ ਸਰਬੱਤ ਤੋਂ ਆਪਾ ਕੁਰਬਾਨ ਕਰਨ ਦੀ ਦਰਿਸ਼ਟੀ ਵੀ ਪ੍ਰਗਟ ਹੋਣੀ ਚਾਹੀਦੀ ਹੈ। ਅਜਿਹੀ ਪ੍ਰਾਪਤੀ ਸਤਿਗੁਰੂ ਜੀ ਦੀ ਸਵੱਲੀ ਨਦਰਿ ਨਾਲ ਹੀ ਸੰਭਵ ਹੁੰਦੀ ਹੈ . ਤੁੱਠੇ ਸਤਿਗੁਰੂ , ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਇਹ ਬਚਨ ਅਨੰਤ ਸਮਿਆਂ ਤੱਕ ਬਾਬਾ ਮੋਤੀ ਰਾਮ ਮਹਿਰਾ ਜੀ ਨੂੰ ਸਤਿਕਾਰਤ ਅਤੇ ਸਨਮਾਨਿਤ ਕਰਦਾ ਰਹੇਗਾ। ਸ਼ਾਹਿਦਨਾਮਾ ਵਿੱਚ ਭਾਈ ਕਿਸ਼ਨ ਸਿੰਘ ਜੀ ਦੀ ਕਲਮ ਤੋਂ ਸਰਬੰਸਦਾਨੀ ਸਤਿਗੁਰੂ ਜੀ ਦੇ ਮੁੱਖ ਬਚਨ ਹਨ :

ਮਮ ਸਿਖਮ ਮਹਿ ਮੋਤੀ ਖਾਸ . ਸਦਾ ਰਹੇ ਗੁਰ ਚਰਨਨ ਪਾਸ .

ਸਮਰੱਥ ਸਤਿਗੁਰੂ ਜੀ ਦੇ ਅਜਿਹੇ ਸੁਭਾਗੇ ਵਰਦਾਨ ਕਿਸੇ ਵਿਰਲੇ ਗੁਰਸਿੱਖ ਨੂੰ ਹੀ ਨਸੀਬ ਹੁੰਦੇ ਹਨ।

# ਸਿੱਖਿਆ ਦੇ ਬੁਨਿਆਦੀ ਢਾਂਚੇ 'ਚ ਸੁਧਾਰਾਂ ਦੀ ਲੋੜ

-ਚੰਦਰਪਾਲ ਅੱਤਰੀ, ਲਾਲੜੂ-

ਕਿਸੇ ਵੀ ਸਮਾਜ ਦੇ ਵਿਕਾਸ ਤੇ ਉਭਰ ਕੇ ਅਗਾਂਹ ਆਉਣ ਵਿੱਚ ਸਿੱਖਿਆ ਦਾ ਸਭ ਤੋਂ ਅਹਿਮ ਯੋਗਦਾਨ ਹੁੰਦਾ ਹੈ। ਇਹ ਸਿੱਖਿਆ ਹੀ ਸੀ,ਜਿਸ ਨੇ ਜੰਗਲ ਵਿੱਚ ਘੁੰਮਦੇ ਆਦਿ ਮਾਨਵ ਨੂੰ ਬੇਹੱਦ ਸੱਭਿਅਕ ਮਨੁੱਖ ਬਣਾਇਆ ਹੈ। ਮਨੁੱਖ ਦੀ ਮੁੱਢਲੀ ਪੈਦਾਇਸ਼ ਭਾਵੇਂ ਅਫਰੀਕਾ ਵਿੱਚ ਮੰਨੀ ਜਾਂਦੀ ਹੈ ਪਰ ਮਨੁੱਖ ਦੇ ਹਾਲਾਤ ਬਦਲਣ ਵਿੱਚ ਅਹਿਮ ਭੂਮਿਕਾ ਯੂਰਪ ਵੱਲੋਂ ਨਿਭਾਈ ਦੱਸੀ ਜਾਂਦੀ ਹੈ। ਇਹ ਹਾਲਾਤ ਬਦਲਣ ਵਿੱਚ ਤਕਨੀਕ ਦਾ ਵਿਕਾਸ ਸਭ ਤੋਂ ਅਹਿਮ ਹੈ ਤੇ ਤਕਨੀਕ ਦਾ ਮੂਲ ਸਿੱਖਿਆ ਵਿੱਚ ਹੈ। ਇਸ ਲਈ ਜੇ ਇਹ ਕਿਹਾ ਜਾਵੇ ਕਿ ਰੋਟੀ ਤੋਂ ਬਾਅਦ ਜ਼ਿੰਦਗੀ ਵਿੱਚ ਸਭ ਤੋਂ ਵੱਧ ਅਹਿਮੀਅਤ ਸਿੱਖਿਆ ਨੂੰ ਦਿੱਤੀ ਜਾਣੀ ਚਾਹੀਦੀ ਹੈ ਤਾਂ ਇਹ ਅਤਿਕਥਨੀ ਨਹੀਂ ਹੋਵੇਗੀ। ਉਂਝ ਵੀ ਆਪੋ-ਆਪਣੇ ਸਮਾਜ ਤੇ ਦੇਸ਼ ਦੀ ਤਰੱਕੀ ਲਈ ਚਿੰਤਤ ਚਿੰਤਕਾਂ ਨੇ ਤਾਂ ਇੱਥੇ ਤੱਕ ਵੀ ਆਖਿਆ ਕਿ ਤੁਸੀਂ ਇੱਕ ਰੋਟੀ ਘੱਟ ਖਾ ਲਵੋ ਪਰ ਆਪਣੇ ਬੱਚਿਆਂ ਨੂੰ ਮਿਆਰੀ ਸਿੱਖਿਆ ਦਿਵਾਉਣ ਵਿੱਚ ਕੰਜੂਸੀ ਨਾ ਕਰੋ।

ਅੱਜ ਦੇ ਆਪਣੇ ਇਸ ਲੇਖ ਵਿੱਚ ਅਸੀ ਸਿੱਖਿਆ ਖੇਤਰ ਦੇ ਦੋ ਮੁੱਖ ਨੁਕਤਿਆਂ ਨੂੰ ਵਧੇਰੇ ਅਹਿਮੀਅਤ ਦੇਵਾਂਗੇ। ਹਾਲਾਂਕਿ ਸਾਡਾ ਇਨ੍ਹਾਂ ਨੁਕਤਿਆਂ ਨੂੰ ਅਹਿਮੀਅਤ ਦੇਣ ਦਾ ਮੰਤਵ ਇਹ ਨਹੀਂ ਕਿ ਇਨ੍ਹਾਂ ਨੁਕਤਿਆਂ ਵੱਲ ਧਿਆਨ ਦੇਣ ਨਾਲ ਸਿੱਖਿਆ ਖੇਤਰ ਵਿੱਚ ਸੌ ਫੀਸਦੀ ਸੁਧਾਰ ਹੋ ਜਾਵੇਗਾ ਪਰ ਐਨਾ ਜ਼ਰੂਰ ਹੈ ਕਿ ਇਹ ਨੁਕਤੇ ਸਿੱਖਿਆ ਦੇ ਸੁਧਾਰ ਦੀ ਬੁਨਿਆਦ ਸਨ,ਬੁਨਿਆਦ ਹਨ ਤੇ ਹਮੇਸ਼ਾ ਹੀ ਬੁਨਿਆਦ ਰਹਿਣਗੇ। ਇਸ ਤੋਂ ਪਹਿਲਾਂ ਅਸੀਂ ਸਪੱਸ਼ਟ ਕਰਾਂਗੇ ਕਿ ਸਿੱਖਿਆ ਦੇ ਦੋ ਖੇਤਰ ਹਨ। ਇੱਕ ਸਰਕਾਰੀ ਖੇਤਰ ਤੇ ਇੱਕ ਪ੍ਰਾਈਵੇਟ ਖੇਤਰ। ਸਰਕਾਰੀ ਖੇਤਰ ਸਰਕਾਰ ਤੇ ਲੋਕਾਂ ਸਹਾਰੇ ਹੈ ਜਦਕਿ ਪ੍ਰਾਈਵੇਟ ਖੇਤਰ ਵਿੱਚ ਨਿੱਜੀ ਲੋਕਾਂ ਦੀ ਅਜਾਰੇਦਾਰੀ ਹੈ। ਨਿੱਜੀ ਖੇਤਰ ਵਿੱਚ ਵੀ ਦੋ ਤਰ੍ਹਾਂ ਦੇ ਸਕੂਲ ਹਨ। ਇੱਕ ਪਾਸੇ ਲੱਖਾਂ ਰੁਪਏ ਦਾਖਲਾ ਤੇ ਫੀਸਾਂ ਲੈਣ ਵਾਲੇ ਸਕੂਲ ਹਨ ਜਦਕਿ ਦੂਜੇ ਪਾਸੇ ਪਿੰਡਾਂ ਵਿਚ ਬੇਹੱਦ ਮਾਮੂਲੀ ਫੀਸ ਨਾਲ ਵਿਦਿਆਰਥੀਆਂ ਨੂੰ ਪੜਾਉਣ ਵਾਲੇ ਨਿੱਜੀ ਸਕੂਲ ਵੀ ਹਨ। ਹਾਲਾਂਕਿ ਹੁਣ ਕਰੋਨਾਵਾਇਰਸ ਦੀ ਬਿਮਾਰੀ ਉਪਰੰਤ ਇਹ ਪਿੰਡਾਂ ਵਾਲੇ ਸਕੂਲ ਵੈਂਟੀਲੇਟਰ ਉਤੇ ਹਨ। ਹੈਰਾਨੀਜਨਕ ਇਹ ਹੈ ਕਿ ਲੱਖਾਂ ਰੁਪਏ ਦਾਖਲਾ ਤੇ ਫੀਸ ਲੈਣ ਵਾਲੇ ਸਕੂਲ ਵੀ ਮਾਪਿਆਂ ਦੀ ਸੰਤੁਸ਼ਟੀ ਨਹੀਂ ਕਰਾ ਪਾ ਰਹੇ। ਹੁਣ ਨਾ ਇਹ ਸਕੂਲ ਬੱਚਿਆਂ ਨੂੰ ਸਮੇਂ ਦੇ ਹਾਣ ਦਾ ਬਣਾ ਰਹੇ ਹਨ ਤੇ ਨਾ ਹੀ ਸਾਧਾਰਨ ਪਰਿਵਾਰਕ ਸਸਕਾਰ ਨਿਭਾਉਣ ਜੋਗੇ ਛੱਡ ਰਹੇ ਹਨ। ਫਿਰ ਵੀ ਮੁਕਾਬਲੇ 'ਚ ਬਣੇ ਰਹਿਣ ਲਈ ਇਹ ਸਕੂਲ ਕਾਇਮ ਰਹਿਣੇ ਜ਼ਰੂਰੀ ਹਨ,ਕਿਉਂਕਿ ਇਹ ਬੇਹੱਦ ਘੱਟ ਸਰੋਤਾਂ ਵਾਲੇ ਸਰਕਾਰੀ ਤੇ ਛੋਟੇ ਪ੍ਰਾਈਵੇਟ ਸਕੂਲਾਂ ਨੂੰ ਮੁਕਾਬਲੇ ਦੀ ਭਾਵਨਾ ਪ੍ਰਤੀ ਸਰਗਰਮ ਰੱਖਦੇ ਹਨ।

ਹੁਣ ਅਸੀਂ ਵਿਚਾਰੇ ਜਾਣ ਵਾਲੇ ਅਹਿਮ ਨੁਕਤਿਆਂ ਬਾਰੇ ਗੱਲ ਕਰੀਏ। ਇਨ੍ਹਾਂ ਨੁਕਤਿਆਂ ਵਿੱਚ ਸਭ ਤੋਂ ਅਹਿਮ ਸਕੂਲਾਂ ਵਿੱਚ ਅਧਿਆਪਕਾਂ ਦੀ ਉਚਿਤ ਨਿਯੁਕਤੀ ਤੇ ਗਿਣਤੀ ਹੈ। ਇਸ ਨਿਯੁਕਤੀ ਜਾਂ ਗਿਣਤੀ ਨੂੰ ਮਹਿਜ ਅਧਿਆਪਕਾਂ ਦੀ ਭਰਤੀ ਤੱਕ ਸੀਮਤ ਨਾ ਸਮਝਿਆ ਜਾਵੇ। ਕਿਸੇ ਦੇਸ਼ ਲਈ ਕਾਬਲ ਅਧਿਆਪਕਾਂ ਤੇ ਡਾਕਟਰਾਂ ਦੀ ਗਿਣਤੀ ਵੱਧ ਹੋਣਾ ਵੱਡੀ ਉਪਲਬਧੀ ਜ਼ਰੂਰ ਹੈ ਪਰ ਇਸ ਗਿਣਤੀ ਤੇ ਨਿਯੁਕਤੀ ਦੇ ਨਾਲ-ਨਾਲ ਉਕਤ ਦੋਵੇਂ ਧਿਰਾਂ ਦਾ ਭਾਵਨਾਤਮਕ ਹੋਣਾ ਜ਼ਰੂਰੀ ਹੈ। ਮਤਲਬ ਅਧਿਆਪਕ ਦਾ ਆਪਣੇ ਵਿਦਿਆਰਥੀ ਨਾਲ ਤੇ ਡਾਕਟਰ ਦਾ ਆਪਣੇ ਮਰੀਜ਼ ਨਾਲ ਅਜਿਹਾ ਜੁੜਾਅ ਹੋਵੇ,ਜੋ ਉਸ ਨੂੰ ਬੇਗਾਨੀਅਤ ਦੀ ਭਾਵਨਾ ਦਾ ਅਹਿਸਾਸ ਹੀ ਨਾ ਹੋਣ ਦੇਵੇ। ਅਜੇ ਤੱਕ ਸਾਡੀ ਮੀਡੀਆ ਤੇ ਚਿੰਤਕ ਧਿਰਾਂ ਸਕੂਲਾਂ ਵਿੱਚ ਅਧਿਆਪਕਾਂ ਦੀ ਗਿਣਤੀ ਦਾ ਮਸਲਾ ਹੀ ਉਠਾਉਂਦੇ ਹਨ। ਇਹ ਮਸਲਾ ਸਹੀ ਹੈ ਤੇ ਉਠਾਉਣਾ ਜ਼ਰੂਰੀ ਵੀ ਹੈ ਪਰ ਸਾਡੇ ਕੋਲ ਬਹੁਤ ਸਕੂਲ ਅਜਿਹੇ ਹਨ,ਜਿੱਥੇ ਅਧਿਆਪਕਾਂ ਦੀ ਗਿਣਤੀ ਪੂਰੀ ਹੈ ਪਰ ਉਸ ਦੇ ਬਾਵਜੂਦ ਉਹ ਸਕੂਲ ਨਤੀਜੇ ਦੇਣ ਵਿੱਚ ਫਿਸਡੀ ਸਾਬਤ ਹੋ ਰਹੇ ਹਨ। ਪੰਜਾਬ ਦੇ ਵੱਡੇ ਸ਼ਹਿਰਾਂ ਖਾਸ ਕਰ ਕੇ ਐਸ ਏ ਐਸ ਨਗਰ (ਮੋਹਾਲੀ)ਵਰਗੇ ਜ਼ਿਲ੍ਹੇ ਇਸ ਦੀ ਜਿਉਂਦੀ-ਜਾਗਦੀ ਮਿਸਾਲ ਹਨ। ਬਹੁਤ ਅਧਿਆਪਕ ਇਸ ਜ਼ਿਲ੍ਹੇ ਤੇ ਇਸ ਜ਼ਿਲ੍ਹੇ



ਵਰਗੇ ਹੋਰਨਾਂ ਜ਼ਿਲ੍ਹਿਆਂ ਦੇ ਸਕੂਲਾਂ ਵਿੱਚ ਤਾਇਨਾਤ ਹਨ ਪਰ ਹੈਰਾਨੀ ਦੀ ਗੱਲ ਇਹ ਹੈ ਕਿ ਸਭ ਤੋਂ ਵੱਧ ਮਾੜੀ ਹਾਲਤ ਇਨ੍ਹਾਂ ਜ਼ਿਲ੍ਹਿਆਂ ਦੇ ਸਕੂਲਾਂ ਦੀ ਹੈ। ਕੋਈ ਭਾਵੇਂ ਮੰਨੇ ਜਾਂ ਨਾ ਮੰਨੇ ਇਸ ਮਾੜੀ ਕਾਰਗੁਜ਼ਾਰੀ ਦਾ ਇੱਕ ਅਹਿਮ ਕਾਰਨ ਅਧਿਆਪਕਾਂ - ਵਿਦਿਆਰਥੀਆਂ ਦਾ ਭਾਵਨਾਤਮਕ ਜੁੜਾਅ ਨਾ ਹੋਣਾ ਵੀ ਹੈ। ਹਾਲਾਂਕਿ ਅਸੀਂ ਇਸ ਸਮੱਸਿਆ ਲਈ ਨਿਰੋਲ ਅਧਿਆਪਕਾਂ ਨੂੰ ਜ਼ਿੰਮੇਵਾਰ ਨਹੀਂ ਮੰਨਦੇ ,ਸਗੋਂ ਇਸ ਸਮੱਸਿਆ ਪਿੱਛੇ ਬਕਾਇਦਾ ਇੱਕ ਪੂਰਾ ਗਠਜੋੜ ਹੈ। ਇਸ ਗਠਜੋੜ ਵਿੱਚ ਅਫਸਰਸ਼ਾਹੀ ਤੇ ਸਿਆਸਤਦਾਨਾਂ ਦੀ ਭੂਮਿਕਾ ਬੇਹੱਦ ਸ਼ੱਕੀ ਹੈ। ਸ਼ੱਕੀ ਤੋਂ ਭਾਵ ਇਹ ਵੀ ਮੰਨਿਆ ਜਾ ਸਕਦਾ ਕਿ ਜਾਂ ਤਾਂ ਇਹ ਗਠਜੋੜ ਬੇਹੱਦ ਅਣਭੋਲ ਹੈ ਜਾਂ ਬੇਹੱਦ ਚਾਲਾਕ ਹੈ। ਇਸ ਮਾਮਲੇ ਵਿੱਚ ਇੱਕ ਤੱਥ ਇਹ ਵੀ ਹੈ ਕਿ ਪੰਜਾਬ ਦੇ ਸਕੂਲਾਂ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਦੇ ਜੀਵਨ ਪੱਧਰ ਵਿੱਚ ਜ਼ਮੀਨ - ਆਸਮਾਨ ਦਾ ਫਰਕ ਪੈ ਚੁੱਕਾ ਹੈ। ਸਰਕਾਰੀ ਸਕੂਲਾਂ ਵਿੱਚ ਵਧੇਰੇ ਬੱਚੇ ਨਿਰੋਲ ਦਿਹਾਤ ਦੇ ਛੋਟੇ ਤਬਕਿਆਂ ਨਾਲ ਸਬੰਧਤ ਹਨ। ਇਸ ਵਿਚੋਂ ਵੀ ਵਧੇਰੇ ਵਿਦਿਆਰਥੀ ਪਰਵਾਸੀ ਭਾਈਚਾਰੇ ਨਾਲ ਸਬੰਧਤ ਹਨ। ਇਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਘਰ ਵਿਚੋਂ ਪੜ੍ਹਾਈ ਵਿੱਚ ਕੋਈ ਅਕਾਦਮਿਕ ਮਦਦ ਨਹੀਂ ਮਿਲਦੀ, ਜਿਸ ਦੇ ਚੱਲਦਿਆਂ ਉਹ ਪੜ੍ਹਾਈ ਵਿੱਚ ਪਛੜ ਰਹੇ ਹਨ। ਹਾਲਾਂਕਿ ਇਹ ਨਿਯਮ ਸਭਨਾ ਵਿਦਿਆਰਥੀਆਂ ਤੇ ਅਧਿਆਪਕਾਂ ਉਤੇ ਲਾਗੂ ਨਹੀਂ ਹੁੰਦੇ। ਅਜੇ ਵੀ ਵੱਡੀ ਗਿਣਤੀ ਸਰਕਾਰੀ ਅਧਿਆਪਕ ਤੇ ਵਿਦਿਆਰਥੀ ਬਹੁਤ ਹੀ ਪ੍ਰਤਿਭਾਸ਼ਾਲੀ ਨਤੀਜੇ ਦੇ ਰਹੇ ਹਨ। ਇਸ ਦੇ ਨਾਲ ਹੀ ਵਧੇਰੇ ਸਰਕਾਰੀ ਸਕੂਲਾਂ ਵੱਲੋਂ ਬੱਚਿਆਂ ਨੂੰ ਲਿਖਤੀ ਕੰਮ ਹੀ ਦਿੱਤਾ ਜਾਂਦਾ ਹੈ ਤੇ ਯਾਦ ਕਰਨ ਜਾਂ ਦੁਹਰਾਈ ਵੱਲ ਘੱਟ ਹੀ ਧਿਆਨ ਦਿੱਤਾ ਜਾਂਦਾ ਹੈ। ਪਹਿਲੇ ਅੱਠ-ਦੱਸ ਮਹੀਨੇ ਸਿਰਫ ਲਿਖਤੀ ਕੰਮ ਦੇਣ ਵਿੱਚ ਹੀ ਲੰਘ ਜਾਂਦੇ ਹਨ ਜਦਕਿ ਬਾਅਦ ਦੇ ਦੋ -ਤਿੰਨ ਮਹੀਨਿਆਂ ਵਿੱਚ ਬੱਚਾ ਕਿੰਨਾ ਕੁ ਯਾਦ ਕਰ ਸਕਦਾ ਹੈ। ਇਸ ਲਈ ਅਧਿਆਪਕਾਂ ਦਾ ਇਸ ਦਿਸ਼ਾ ਵੱਲ ਸੋਚਣਾ ਜ਼ਰੂਰੀ ਹੈ,ਕਿਉਂਕਿ ਦੁਹਰਾਈ ਤੇ ਪੜ੍ਹਨ ਦੀ ਰਫਤਾਰ ਬੱਚੇ ਦੀ ਬੁੱਧੀ ਨੂੰ ਵਿਕਸਤ ਕਰਦੀ ਹੈ।

ਸਿੱਖਿਆ ਦੇ ਬੁਨਿਆਦੀ ਢਾਂਚੇ ਦਾ ਵਿਚਾਰਿਆ ਜਾਣ ਵਾਲਾ ਦੂਜਾ ਅਹਿਮ ਨੁਕਤਾ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਹਨ। ਬਹੁਤ ਥਾਈਂ ਇਹ ਸਕੂਲੀ ਇਮਾਰਤਾਂ ਖੰਡਰ ਬਣ ਚੁੱਕੀਆਂ ਹਨ। ਕਈ ਥਾਈਂ ਤਾਂ ਇਹ ਇਮਾਰਤਾਂ ਆਪਣੇ ਅੰਤ ਨੂੰ ਉਡੀਕ ਰਹੀਆਂ ਹਨ। ਕੁੱਝ ਕੁ ਥਾਈਂ ਭਾਵੇਂ ਵਿਦਿਆਰਥੀ ਘੱਟ ਹਨ ਤੇ ਸਕੂਲ ਵਿੱਚ ਕਮਰੇ ਵੱਧ ਹਨ ਜਦਕਿ ਵਧੇਰੇ ਥਾਈਂ ਸਕੂਲ ਕਮਰਿਆਂ ਦੀ ਘਾਟ ਨਾਲ ਜੂਝ ਰਹੇ ਹਨ। ਪੰਜਾਬ ਵਿੱਚ ਕਈ ਸਕੂਲ ਅਜਿਹੇ ਹਨ,ਜਿੱਥੇ ਵਿਦਿਆਰਥੀਆਂ ਦੀ ਗਿਣਤੀ ਬੇਹਿਸਾਬ ਹੋਣ ਕਾਰਨ ,ਉਨ੍ਹਾਂ ਸਕੂਲਾਂ ਨੂੰ ਦੋ ਸਿਫਟਾਂ ਵਿੱਚ ਚਲਾਉਣਾ ਪੈ ਰਿਹਾ ਹੈ। ਇਸ ਸਮੇਂ ਸਕੂਲ ਦੀਆਂ ਇਮਾਰਤਾਂ ਇਸ ਕਦਰ ਖਸਤਹਾਲ ਤੇ ਬਦਸੂਰਤ ਹਨ ਕਿ ਸਾਧਾਰਨ ਵਿਅਕਤੀ ਇਨ੍ਹਾਂ ਦੇ ਨੇੜਿਓਂ ਵੀ ਲੰਘਣਾ ਪਸੰਦ ਨਹੀਂ ਕਰਦਾ। ਵਿਦਿਆਰਥੀ ਖਾਸ ਕਰ ਕਿ ਛੋਟੇ ਬੱਚੇ ਬੇਹੱਦ ਮਲੂਕ ਹੁੰਦੇ ਹਨ ਤੇ ਉਹ ਰੰਗਾਂ ਨੂੰ ਬੇਹਿਸਾਬ ਪਿਆਰ ਕਰਦੇ ਹਨ ਜਦਕਿ ਇਹ ਬਦਸੂਰਤ ਸਕੂਲ ਉਨ੍ਹਾਂ ਦੇ ਜਿਹਨ ਵਿੱਚ ਬੇਹੱਦ ਬੁਰਾ ਪ੍ਰਭਾਵ ਪਾਉਂਦੇ ਹਨ। ਉਂਝ ਸਾਨੂੰ ਉਨ੍ਹਾਂ ਸਰਕਾਰਾਂ ਦਾ ਕੀ ਫਾਇਦਾ ਜੋ ਸਾਨੂੰ ਇਮਾਰਤਾਂ ਦੀ ਉਸਾਰੀ ਤਾਂ ਛੱਡੋ,ਸਾਡੀਆਂ ਪਹਿਲੀਆਂ ਇਮਾਰਤਾਂ ਨੂੰ ਰੰਗ-ਰੋਗਨ ਵੀ ਨਾ ਕਰਾ ਸਕਣ ?ਬਹੁਤ ਸਕੂਲਾਂ ਪ੍ਰਤੀ ਸਰਕਾਰ ਦੀ ਅਣਦੇਖੀ ਵੱਡੀ ਚਿੰਤਾ ਦਾ ਵਿਸ਼ਾ ਹੈ। ਸਰਕਾਰ ਇਨ੍ਹਾਂ ਸਕੂਲਾਂ ਵੱਲ ਧਿਆਨ ਨਹੀਂ ਦਿੰਦੀ । ਹਾਂ ਜੇ ਕੋਈ ਪ੍ਰਿੰਸੀਪਲ, ਹੈੱਡਮਾਸਟਰ ਜਾਂ ਅਧਿਆਪਕ ਖੁਦ ਹੀ ਸਰਗਰਮ ਹੋਵੇ ਤਾਂ ਉਹ ਪਿੰਡ ਦੇ ਮੋਹਤਬਰਾਂ ਤੇ ਸਿਆਸੀ ਆਗੂਆਂ ਤੋਂ ਸਕੂਲ ਬਾਰੇ ਕੁੱਝ ਕਰਵਾ ਲੈਂਦਾ ਹੈ ,ਨਹੀਂ ਤਾਂ ਬਾਕੀ ਸਭ ਕੁੱਝ ਸਰਕਾਰ ਤੇ ਭਗਵਾਨ ਸਹਾਰੇ ਹੈ।

ਹੁਣ ਅੰਤ ਵਿੱਚ ਅਸੀ ਇਨ੍ਹਾਂ ਨੁਕਤਿਆਂ ਦੇ ਹੱਲ ਬਾਰੇ ਵਿਚਾਰ ਕਰੀਏ ਤਾਂ ਇਸ ਮਾਮਲੇ ਵਿੱਚ ਪਹਿਲੀ ਜ਼ਿੰਮੇਵਾਰੀ ਸਰਕਾਰ ਦੀ ਬਣਦੀ ਹੈ। ਸਰਕਾਰ ਹਰ ਸਕੂਲ ਵਿੱਚ ਅਧਿਆਪਕ ਪੂਰੇ ਕਰੇ ਤੇ ਫਿਰ ਉਸ ਸਕੂਲ ਵਿੱਚ ਅਜਿਹਾ ਮੁੱਖੀ ਲਾਵੇ ਜੋ ਨਾ ਸਿਰਫ ਕਾਬਲ ਹੋਵੇ,ਸਗੋਂ ਸਿੱਖਿਆ ਪ੍ਰੇਮੀ ਹੋਵੇ। ਉਹ ਨਿਰੰਤਰ ਜਮਾਤਾਂ ਦੀ ਇਸ ਤਰ੍ਹਾਂ ਨਿਗਰਾਨੀ ਕਰੇ ਕਿ ਨਾ ਅਧਿਆਪਕ ਬੁਰਾ ਮਨਾਉਣ ਤੇ ਨਾ ਹੀ ਉਨ੍ਹਾਂ ਦੇ ਮਨ ਵਿੱਚ ਵੱਡੇ-ਛੋਟੇ ਦੀ ਭਾਵਨਾ ਆਵੇ। ਇਸ ਦੇ ਨਾਲ ਹੀ ਅਧਿਆਪਕ ਸਕੂਲ ਨੂੰ ਸਿਰਫ ਰੁਜ਼ਗਾਰ ਦਾ ਸਾਧਨ ਸਮਝਣ ਦੀ ਥਾਂ ਆਪਣੇ ਖੁਦ ਦੇ ਬੱਚਿਆਂ ਦੇ ਸਕੂਲ ਵਜੋਂ ਤੇ ਦੇਸ਼ ਪ੍ਰੇਮ ਦੀ ਭਾਵਨਾ ਦੀ ਤਰ੍ਹਾਂ ਲੈਣ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਜੇ ਅਧਿਆਪਕ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਗੰਭੀਰਤਾ ਨਾਲ ਲੈ ਲੈਣ ਤਾਂ ਨਾ ਸਿਰਫ ਵਿਦਿਆਰਥੀ ਤਰੱਕੀ ਕਰਨਗੇ,ਸਗੋਂ ਖੁਦ ਅਧਿਆਪਕ ਵੀ ਭਵਿੱਖੀ ਅਧਿਆਪਕਾਂ ਦੀਆਂ ਰੁਜ਼ਗਾਰ ਪੱਖੋਂ ਜੜ੍ਹਾਂ ਬੰਨ ਜਾਣਗੇ।

ਦੂਜਾ ਨੁਕਤਾ ਜੋ ਇਮਾਰਤਾਂ ਦੀ ਉਸਾਰੀ ਤੇ ਸਾਂਭ-ਸੰਭਾਲ ਤੇ ਰੰਗ -ਰੰਗਾਈ ਬਾਰੇ ਹੈ,ਉਸ ਵਿੱਚ ਨਿਰੋਲ ਸਰਕਾਰ ਨੂੰ ਸਰਗਰਮ ਹੋਣਾ ਪਵੇਗਾ। ਇਮਾਰਤਾਂ ਦੀ ਉਸਾਰੀ ਤੇ ਸਾਂਭ -ਸੰਭਾਲ ਕਿਸੇ ਇੱਕ ਵਿਅਕਤੀ ਦੇ ਵੱਸ ਦੀ ਗੱਲ ਨਹੀਂ ਤੇ ਜੇ ਅਸੀਂ ਆਪਣੇ ਪੰਜਾਬ ਨੂੰ ਰੰਗਲਾ ਤੇ ਵਿਦਿਆਰਥੀਆਂ ਦੇ ਜੀਵਨ ਨੂੰ ਰੰਗ-ਬਿਰੰਗਾ ਬਣਾਉਣਾ ਹੈ ਤਾਂ ਸਾਨੂੰ ਇਸ ਦਿਸ਼ਾ ਵਿੱਚ ਪੂਰੀ ਗੰਭੀਰਤਾ ਨਾਲ ਕੰਮ ਕਰਨਾ ਪਵੇਗਾ। ਅੰਤ ਵਿੱਚ ਅਸੀਂ ਇੱਕ ਗੱਲ ਹੋਰ ਸਪੱਸ਼ਟ ਕਰਨਾ ਚਾਹਾਂਗੇ ਕਿ ਇਹ ਲੇਖ ਲਿਖਣ ਦਾ ਸਾਡਾ ਮੰਤਵ ਨਿਰੋਲ ਤੇ ਨਿਰੋਲ ਆਪਣੇ ਜਵਾਕਾਂ ਦਾ ਅਕਾਦਮਿਕ ਵਿਕਾਸ ਕਰਨਾ ਤੇ ਸਰਕਾਰੀ ਸਿਸਟਮ ਨੂੰ ਲੰਮੇ ਸਮੇਂ ਤੱਕ ਕਾਇਮ ਰੱਖਣਾ ਹੈ,ਕਿਉਂਕਿ ਜੇ ਸਿਸਟਮ ਸਹੀ ਬਣ ਜਾਵੇਗਾ ਤਾਂ ਸਮਾਜ ਤੇ ਦੇਸ਼ ਦੀ ਤਰੱਕੀ ਵੀ ਯਕੀਨੀ ਬਣ ਜਾਵੇਗੀ। ਉਮੀਦ ਹੈ ਕਿ ਅਧਿਆਪਕ ,ਸਰਕਾਰਾਂ ਤੇ ਸਿਸਟਮ ਇਨ੍ਹਾਂ ਨੁਕਤਿਆਂ ਪ੍ਰਤੀ ਹਾਂ-ਪੱਖੀ ਹੁੰਗਾਰਾ ਦੇਣਗੇ।

ਮੋਬਾਈਲ :07889111988

# ਸਫਲਤਾ ਲਈ ਕਾਫ਼ੀ ਨਹੀਂ ਹੁੰਦੇ ਸੋਚ ਤੇ ਸੁਪਨੇ

-ਵਿਜੈ ਗਰਗ-

ਦੁਨੀਆ ਦੇ ਮਹਾਨ ਫ਼ਿਲਾਸਫਰ ਚਾਰਲਸ ਡਿਕਨਜ਼ ਨੂੰ ਉਸਦੇ ਇੱਕ ਦੋਸਤ ਨੇ ਉਸ ਨੂੰ ਇਹ ਪੁੱਛਿਆ ਕਿ ਮੈਂ ਤੈਨੂੰ ਆਪਣਾ ਜਿਗਰੀ ਦੋਸਤ ਸਮਝਕੇ ਬਹੁਤ ਵੇਰ ਇਹ ਸਵਾਲ ਕੀਤਾ ਕਿ ਮੈਨੂੰ ਇੱਕ ਵੱਡਾ ਵਪਾਰੀ ਬਣਨ 'ਚ ਵਾਰ ਵਾਰ ਯਤਨ ਕਰਨ 'ਤੇ ਵੀ ਸਫਲਤਾ ਪ੍ਰਾਪਤ ਕਿਉਂ ਨਹੀਂ ਹੋ ਰਹੀ? ਮੇਰੇ ਯਤਨਾਂ ਵਿੱਚ ਕੀ ਘਾਟ ਹੈ? ਤੂੰ ਮੇਰੇ ਸਵਾਲ ਦਾ ਜਵਾਬ ਦੇਣ ਦੀ ਬਜਾਏ ਜਾਂ ਤਾਂ ਚੁੱਪ ਹੋ ਜਾਂਦਾ ਹੈ ਜਾਂ ਫੇਰ ਗੱਲ ਪਲਟ ਦਿੰਦਾ ਹੈ। ਡਿਕਨਜ਼ ਨੇ ਆਪਣੇ ਉਸ ਦੋਸਤ ਨੂੰ ਅੱਗੋਂ ਜਵਾਬ ਦਿੱਤਾ, ‘ਦੋਸਤ, ਤੈਨੂੰ ਮੇਰੇ ਜਵਾਬ ਨਾ ਦੇਣ ਦਾ ਕਾਰਨ ਇਹ ਹੈ ਕਿ ਜ਼ਿਆਦਾਤਰ ਲੋਕ ਸੱਚ ਸੁਣਨਾ ਪਸੰਦ ਨਹੀਂ ਕਰਦੇ। ਮੈਂ ਸੱਚ ਬੋਲ ਕੇ ਤੈਨੂੰ ਨਰਾਜ਼ ਨਹੀਂ ਕਰਨਾ ਚਾਹੁੰਦਾ ਸਾਂ ਪਰ ਹੁਣ ਜੇ ਤੂੰ ਆਪਣੀ ਅਸਫਲਤਾ ਦਾ ਕਾਰਨ ਪੁੱਛਣਾ ਹੀ ਚਾਹੁੰਦਾ ਹੈ ਤਾਂ ਅਸਲੀ ਕਾਰਨ ਇਹ ਹੈ ਕਿ ਤੇਰੇ ਯਤਨਾਂ ਦਾ ਕੱਦ ਤੇਰੀ ਸੋਚ ਤੇ ਸੁਪਨਿਆਂ ਨਾਲੋਂ ਛੋਟਾ ਹੈ। ਡਿਕਨਜ਼ ਦੇ ਦੋਸਤ ਨੇ ਉਸ ਨੂੰ ਮੁੜ ਸਵਾਲ ਕੀਤਾ, ਮਿੱਤਰ, ਆਪਣੀ ਸਫਲਤਾ ਲਈ ਮੈਂ ਸੱਚ ਸੁਣਨ ਨੂੰ ਤਿਆਰ ਹਾਂ, ਮੈਨੂੰ ਜ਼ਰਾ ਵਿਸਥਾਰ ਨਾਲ ਦੱਸ। ਡਿਕਨਜ਼ ਬੋਲਿਆ, ਦੋਸਤ, ਤੂੰ ਵੱਡਾ ਵਪਾਰੀ ਬਣਨ ਦੀ ਸੋਚ ਤਾਂ ਰੱਖਦਾ ਹੈ, ਸੁਪਨੇ ਵੀ ਲੈਂਦਾ ਹੈ ਪਰ ਵੱਡਾ ਵਪਾਰੀ ਬਣਨ ਲਈ ਆਪਣਾ ਸੁੱਖ ਚੈਨ ਖੋਹਣਾ ਪੈਂਦਾ ਹੈ।

ਉਸ ਲਈ ਆਪਣੇ 'ਚ ਇੱਕ ਜਨੂੰਨ ਪੈਦਾ ਕਰਨਾ ਪੈਂਦਾ ਹੈ। ਜ਼ਮੀਨੀ ਹਕੀਕਤਾਂ ਨਾਲ ਲੜਨਾ ਪੈਂਦਾ ਹੈ। ਤੂੰ ਆਪਣਾ ਆਤਮ ਮੰਥਨ ਕਰਕੇ ਵੇਖ ਕਿ ਤੇਰੇ ਵਿੱਚ ਇਹ ਸਾਰਾ ਕੁੱਝ ਹੈ? ਜਿਸ ਦਿਨ ਤੂੰ ਆਪਣੇ 'ਚ ਇਹ ਗੁਣ ਪੈਦਾ ਕਰ ਲਵੇਂਗਾ,ਉਸ ਦਿਨ ਤੈਨੂੰ ਕਿਸੇ ਨੂੰ ਵੀ ਇਹ ਸਵਾਲ ਕਰਨਾ ਨਹੀਂ ਪਵੇਗਾ। ਇਸ ਦੁਨੀਆ 'ਚ ਅੱਜ ਤੱਕ ਕੋਈ ਅਜਿਹਾ ਵਿਅਕਤੀ ਪੈਦਾ ਨਹੀਂ ਹੋਇਆ ਜਿਸ ਨੇ ਵੱਡਾ ਬਣਨ, ਮਹਾਨ ਹੋਣ, ਦੂਜਿਆਂ ਨਾਲੋਂ ਕੁੱਝ ਅੱਡ ਕਰਨ ਤੇ ਉੱਚੀ ਮੰਜ਼ਿਲ ਪ੍ਰਾਪਤ ਕਰਨ ਬਾਰੇ ਨਾ ਸੋਚਿਆ ਹੋਵੇ ਤੇ ਸੁਪਨੇ ਨਹੀਂ ਲਏ ਹੋਣਗੇ।

ਜੇਕਰ ਇਸ ਦੁਨੀਆ 'ਚ ਸੋਚਣ ਤੇ ਸੁਪਨੇ ਲੈਣ ਨਾਲ ਸਫਲਤਾ ਪ੍ਰਾਪਤ ਹੋ ਜਾਂਦੀ ਤਾਂ ਹਰ ਕੋਈ ਆਪਣੇ ਉਦੇਸ਼ ਤੇ ਮੰਜ਼ਿਲ ਦੀ ਪ੍ਰਾਪਤੀ ਕਰ ਲੈਂਦਾ ਤੇ ਮਿਹਨਤ, ਸੰਘਰਸ਼ ਅਤੇ ਭਰਪੂਰ ਯਤਨ ਕਰਨ ਦੇ ਜਜ਼ਬੇ ਦਾ ਕੋਈ ਮਹੱਤਵ ਵੀ ਨਾ ਰਹਿ ਜਾਂਦਾ।

ਨਿਕੰਮੇ, ਕੰਮਚੋਰ ਆਲਸੀ ਲੋਕਾਂ ਅਤੇ ਮਿਹਨਤੀ, ਕਰਮਯੋਗੀ ਤੇ ਸੰਘਰਸ਼ਸ਼ੀਲ ਲੋਕਾਂ 'ਚ ਕੋਈ ਫ਼ਰਕ ਨਾ ਰਹਿ ਜਾਂਦਾ। ਲੋਕ ਮਿਹਨਤ ਅਤੇ ਸੰਘਰਸ਼ ਕਰਨਾ ਛੱਡ ਹੀ ਦਿੰਦੇ। ਕੇਵਲ ਸੋਚ ਅਤੇ ਸੁਪਨਿਆਂ ਦੇ ਸਹਾਰੇ ਸਫਲਤਾ ਹਾਸਲ ਕਰਨ ਵਾਲੇ ਲੋਕ ਜਦੋਂ ਆਪਣੇ ਉਦੇਸ਼ 'ਚ ਸਫਲ ਨਹੀਂ ਹੁੰਦੇ ਤਾਂ ਉਹ ਖ਼ੁਦ 'ਚ ਨੁਕਸ ਕੱਢਣ ਦੀ ਬਜਾਏ ਆਪਣੀ ਕਿਸਮਤ ਨੂੰ ਦੋਸ਼ ਦੇਣ ਲੱਗ ਪੈਂਦੇ ਹਨ। ਆਪਣੇ ਹੱਥ ਵਿਖਾਉਣ ਲੱਗ ਪੈਂਦੇ ਹਨ। ਜਿਹੜੇ ਅਧਿਆਪਕ ਵਧੀਆ ਨਤੀਜੇ ਲਿਆਉਣ ਲਈ ਜਮਾਤਾਂ ਵਿੱਚ ਬੱਚਿਆਂ ਨੂੰ ਮਿਹਨਤ ਨਾਲ ਪੜ੍ਹਾਉਣ ਦੀ ਬਜਾਏ ਕੇਵਲ ਸੋਚਦੇ ਤੇ ਸੁਪਨੇ ਹੀ ਲੈਂਦੇ ਹਨ, ਉਹ ਆਪਣੇ ਉਦੇਸ਼ ਵਿੱਚ ਕਦੇ ਸਫਲ ਨਹੀਂ ਹੁੰਦੇ।

ਸਾਊਥ ਅਫਰੀਕਾ ਦੇ ਰਾਸ਼ਟਰਪਤੀ ਨੈਲਸਨ ਮੰਡੇਲਾ ਦਾ ਕਹਿਣਾ ਸੀ ਕਿ ਸੋਚ ਅਤੇ ਸੁਪਨੇ ਮਹਾਨ ਪ੍ਰਾਪਤੀਆਂ ਦੀ ਨੀਂਹ ਤੇ ਪਹਿਲਾ ਪੜਾਅ ਹੁੰਦੇ ਹਨ ਪਰ ਜੇਕਰ ਤੁਸੀਂ ਉਸ ਨੀਂਹ ਉੱਤੇ ਮਿਹਨਤ ਅਤੇ ਸੰਘਰਸ਼ ਦੀਆਂ ਕੰਧਾਂ ਨਹੀਂ ਚੁੱਕਦੇ ਤੇ ਅਗਲੇ ਪੜਾਅ ਵੱਲ ਨਹੀਂ ਵੱਧਦੇ ਤਾਂ ਮਹਾਨ ਪ੍ਰਾਪਤੀਆਂ ਤੁਹਾਡੇ ਕੋਲੋਂ ਦੂਰ ਹੀ ਰਹਿੰਦੀਆਂ ਹਨ। ਵੱਡੀਆਂ ਜਿੱਤਾਂ ਅਤੇ ਮੰਜ਼ਿਲਾਂ ਹਾਸਲ ਕਰਨ ਵਾਲੇ ਲੋਕ ਪਹਿਲਾਂ ਦਿਨ ਰਾਤ ਇੱਕ ਕਰਦੇ ਹਨ,ਆਪਣੇ ਸੁੱਖ ਤੇ ਆਰਾਮ ਦੀ ਪ੍ਰਵਾਹ ਨਹੀਂ ਕਰਦੇ ਪਰ ਬਾਅਦ ਵਿੱਚ ਉਹੀ ਲੋਕ ਇਤਿਹਾਸ ਦੇ ਨਾਇਕ ਬਣ ਜਾਂਦੇ ਹਨ। ਸੋਚ ਤੇ ਸੁਪਨਿਆਂ ਦੇ ਨਾਲ ਨਾਲ ਆਤਮ ਵਿਸ਼ਵਾਸ ਤੇ ਦ੍ਰਿੜ ਅਕੀਦਾ ਹੋਣਾ ਵੀ ਲਾਜ਼ਮੀ ਹੁੰਦਾ ਹੈ ਕਿਉਂਕਿ ਇਹ ਕਦੇ ਨਹੀਂ ਹੋ ਸਕਦਾ ਕਿ ਮੰਜ਼ਿਲ, ਉਦੇਸ਼ ਵੱਲ ਵਧਦਿਆਂ ਰਾਹ 'ਚ ਔਕੜਾਂ, ਚੁਣੌਤੀਆਂ ਨਾ ਆਉਣ। ਉਹ ਔਕੜਾਂ ਤੇ ਚੁਣੌਤੀਆਂ ਹੀ ਤਾਂ ਮਨੁੱਖ ਦੀ ਸੋਚ ਅਤੇ ਸੁਪਨਿਆਂ ਨੂੰ ਪਰਖਦੀਆਂ ਹਨ। ਜਿਨ੍ਹਾਂ ਲੋਕਾਂ ਦੇ ਹੌਂਸਲੇ ਉਨ੍ਹਾਂ ਔਕੜਾਂ ਅੱਗੇ ਢਹਿ ਢੇਰੀ ਹੋ ਜਾਂਦੇ ਹਨ ਉਨ੍ਹਾਂ ਦੀ ਸੋਚ ਤੇ ਸੁਪਨੇ ਵੀ ਬੇਅਰਥ ਹੀ ਜਾਂਦੇ ਹਨ। ਜੇਕਰ ਸੋਚ ਅਤੇ ਸੁਪਨੇ ਵੱਡੇ ਹੋਣਗੇ ਤਾਂ ਹੀ ਸਫਲਤਾ ਲਈ ਪੈੜਾਂ ਪੈਣਗੀਆਂ। ਇਹ ਕੰਮ ਤਾਂ ਔਖਾ ਹੀ ਬਹੁਤ ਹੈ, ਇਸ ਵਿੱਚ ਸਫਲਤਾ ਮਿਲਣੀ ਬਹੁਤ ਔਖੀ ਹੈ।

ਇਸ ਕੰਮ ਵਿੱਚ ਪਹਿਲਾਂ ਹੀ ਬਹੁਤ ਲੋਕ ਅਸਫਲ ਹੋ ਚੁੱਕੇ ਹਨ, ਕਿਸੇ ਵੀ ਕੰਮ ਨੂੰ ਕਰਨ ਤੋਂ ਪਹਿਲਾਂ ਹੀ ਇਹੋ ਜਿਹੀਆਂ ਗੱਲਾਂ ਕਰਨੀਆਂ ਮਨੁੱਖ ਦੀ ਸੋਚ ਤੇ ਸੁਪਨਿਆਂ ਨੂੰ ਗ਼ਰੀਬ ਬਣਾ ਦਿੰਦੀਆਂ ਹਨ। ਦੂਜਿਆਂ ਲਈ ਆਦਰਸ਼, ਉਦਾਹਰਣ ਤੇ ਪ੍ਰੇਰਣਾ ਬਣਨ ਲਈ ਸਦਾ ਹੀ ਕੁੱਝ ਅਜਿਹਾ ਕਰੋ ਜੋ ਕਿਸੇ ਨੇ ਨਾ ਕੀਤਾ ਹੋਵੇ। ਇਤਿਹਾਸ ਵਿਰਲੇ ਲੋਕ ਲਿਖਦੇ ਹੁੰਦੇ ਨੇ ਤੇ ਪੜ੍ਹਦਾ ਹਰ ਕੋਈ ਹੈ, ਇਸ ਗੱਲ ਦਾ ਫ਼ੈਸਲਾ ਮਨੁੱਖ ਨੇ ਕਰਨਾ ਹੁੰਦਾ ਹੈ ਕਿ ਉਸ ਨੇ ਇਤਿਹਾਸ ਲਿਖਣ ਵਾਲਾ ਬਣਨਾ ਹੈ ਜਾਂ ਫੇਰ ਪੜ੍ਹਨ ਵਾਲਾ।

# ਸ਼ੈਮਰਾਕ ਸਕੂਲ ਦੇ 35 ਵਿਦਿਆਰਥੀਆਂ ਨੇ ਐੱਨ.ਡੀ.ਏ ਸਫਲਤਾ ਹਾਸਿਲ ਕੀਤੀ



ਮੋਹਾਲੀ, 2 ਅਕਤੂਬਰ (ਪੋਸਟ ਬਿਊਰੋ): ਬੀਤੇ ਦਿਨੀਂ ਮਹਾਰਾਜਾ ਰਣਜੀਤ ਸਿੰਘ ਅਕੈਡਮੀ ਅਤੇ ਸ਼ੈਮਰਾਕ ਸੀਨੀਅਰ ਸਕੈਂਡਰੀ ਸਕੂਲ ਮੁਹਾਲੀ ਵੱਲੋਂ ਦੇਸ਼ ਦੀ ਸੇਵਾ ਲਈ ਵੱਡੇ ਪੱਧਰ ਤੇ ਫ਼ੌਜੀ ਅਫ਼ਸਰ ਤਿਆਰ ਕੀਤੇ ਜਾ ਰਹੇ ਹਨ। ਪਿਛਲੇ ਬਾਰਾਂ ਸਾਲਾਂ ਵਿਚ ਸ਼ੈਮਰਾਕ ਸੀਨੀਅਰ ਸਕੈਂਡਰੀ ਸਕੂਲ ਅਤੇ ਮਹਾਰਾਜਾ ਰਣਜੀਤ ਸਿੰਘ ਅਕੈਡਮੀ ਦੇ ਇਕੱਠੇ ਉਪਰਾਲੇ ਨਾਲ ਦੇਸ਼ ਨੂੰ 141 ਅਫ਼ਸਰ ਮਿਲੇ ਹਨ। ਜਦ ਕਿ ਹੁਣ ਤੱਕ ਸਾਡੇ 217 ਵਿਦਿਆਰਥੀ ਐਨ ਡੀ ਏ ਪਾਸ ਕਰ ਚੁੱਕੇ ਹਨ। ਇਸ ਸਾਲ ਵੀ ਇਸ ਗੱਠਜੋੜ ਨਾਲ 35 ਵਿਦਿਆਰਥੀ ਐਨ ਡੀ ਏ ਵਿਚ ਸਫਲ ਰਹੇ ਹਨ, ਜੋ ਕਿ ਸਾਡੇ ਲਈ ਮਾਣ ਦੀ ਗੱਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸ਼ੈਮਰਾਕ ਸੀਨੀਅਰ ਸਕੈਂਡਰੀ ਸਕੂਲ ਦੇ ਪ੍ਰਿੰਸੀਪਲ ਪ੍ਰਨੀਤ ਸੋਹਲ ਵੱਲੋਂ ਕੈਂਪਸ ਵਿਚ ਰੱਖੀ ਇਕ ਪ੍ਰੈੱਸ ਕਾਨਫ਼ਰੰਸ ਦੌਰਾਨ ਕੀਤਾ ਗਿਆ ।

ਇਸ ਮੌਕੇ ਤੇ ਮਹਾਰਾਜਾ ਰਣਜੀਤ ਸਿੰਘ ਅਕੈਡਮੀ ਦੇ ਡਾਇਰੈਕਟਰ ਮੇਜਰ ਜਰਨਲ (ਰਿਟਾ.) ਐੱਚ ਚੌਹਾਨ ਨੇ ਦੱਸਿਆ ਕਿ ਪੂਰੇ ਭਾਰਤ ਤੋਂ ਕਰੀਬ ਤਿੰਨ ਲੱਖ ਦੇ ਕਰੀਬ ਉਮੀਦਵਾਰਾਂ ਨੇ ਐਨ ਡੀ ਏ ਲਈ ਇਹ ਇਮਤਿਹਾਨ ਦਿਤਾ ਸੀ । ਕੌਮੀ ਪੱਧਰ ਦੇ ਇਸ ਇਮਤਿਹਾਨ ਵਿਚ ਪਾਸ ਆਊਟ ਹੋਣ ਵਾਲੇ ਸਿਰਫ਼ ਸ਼ੈਮਰਾਕ ਸਕੂਲ ਦੇ ਹੀ 35 ਵਿਦਿਆਰਥੀ ਹਨ। ਜਦ ਕਿ ਕੁੱਲ 45 ਵਿਦਿਆਰਥੀਆਂ ਨੇ ਇਸ ਇਮਤਿਹਾਨ ਵਿਚ ਬੈਠੇ ਸਨ। ਇਸ ਤਰਾਂ ਪਾਸ ਪ੍ਰਤੀਸ਼ਤ 76.08% ਬਣਦਾ ਹੈ। ਉਨ੍ਹਾਂ ਅੱਗੇ ਕਿਹਾ ਬੇਸ਼ੱਕ ਦੇਸ਼ ਦੇ ਹਰ ਸੂਬੇ ਵਿਚ ਸੈਨਿਕ ਸਕੂਲ ਅਤੇ ਪ੍ਰਾਈਵੇਟ ਸੰਸਥਾਵਾਂ ਵੱਡੇ ਪੱਧਰ ਤੇ ਐਨ ਡੀ ਏ ਦੀ ਤਿਆਰੀ ਕਰਵਾਈ ਜਾਂਦੀ ਹੈ ਪਰ ਹੁਣ ਤੱਕ ਕਿਸੇ ਵੀ ਸੰਸਥਾ ਦੇ ਵਿਦਿਆਰਥੀ ਇਕਠੇ ਸਫਲ ਨਹੀ ਹੋਏ ਹਨ ਜੋ ਕਿ ਇਕ ਰਿਕਾਰਡ ਹੈ।

ਮੇਜਰ ਜਰਨਲ ਐੱਚ ਚੌਹਾਨ ਨੇ ਇਸ ਲਾਸਾਨੀ ਕਾਮਯਾਬੀ ਦਾ ਸਿਹਰਾ ਸ਼ੈਮਰਾਕ ਸੀਨੀਅਰ ਸਕੈਂਡਰੀ ਸਕੂਲ ਅਤੇ ਮਹਾਰਾਜਾ ਰਣਜੀਤ ਸਿੰਘ ਅਕੈਡਮੀ ਦਿੰਦੇ ਹੋਏ ਦੱਸਿਆਂ ਕਿ ਪੰਜਾਬੀਆਂ ਦੀ ਦਿਨੋਂ ਦਿਨ ਫ਼ੌਜ ਵਿਚ ਘੱਟ ਰਹੀ ਨਫ਼ਰੀ ਨੂੰ ਵੇਖਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਅਪ੍ਰੈਲ,2011 ਵਿਚ ਇਸ ਅਕੈਡਮੀ ਦੀ ਸ਼ੁਰੂਆਤ ਕੀਤੀ ਸੀ। ਹੁਣ ਤੱਕ ਇਸ ਉਪਰਾਲੇ ਨਾਲ ਪੰਜਾਬ ਦੇ 141 ਸਪੂਤ ਫ਼ੌਜ ਵਿਚ ਅਫ਼ਸਰ ਵਜੋਂ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰ ਰਹੇ ਹਨ ।

ਸ਼ੈਮਰਾਕ ਸਕੂਲ ਦੇ ਚੇਅਰਮੈਨ ਏ ਐੱਸ ਬਾਜਵਾ ਨੇ ਪਾਸ ਆਊਟ ਹੋਣ ਵਾਲੇ ਵਿਦਿਆਰਥੀਆਂ ਦੀ ਪਿਛੋਕੜ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਇਨ੍ਹਾਂ 35 ਵਿਦਿਆਰਥੀਆਂ ਵਿਚੋਂ ਜ਼ਿਆਦਾਤਰ ਵਿਦਿਆਰਥੀ ਛੋਟੇ ਕਸਬਿਆਂ ਜਾਂ ਪੇਂਡੂ ਇਲਾਕੇ ਨਾਲ ਸਬੰਧਿਤ ਹਨ । ਜੋ ਕਿ ਆਪਣੇ ਇਲਾਕਿਆਂ ਵਿਚ ਰਹਿੰਦੇ ਹੋਏ ਇਸ ਲਾਸਾਨੀ ਕਾਮਯਾਬੀ ਨੂੰ ਸੋਚ ਵੀ ਨਹੀਂ ਸਕਦੇ ਸਨ । ਇਸ ਮੌਕੇ ਤੇ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੇ ਮੀਡੀਆ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਇਹ ਉਨ੍ਹਾਂ ਲਈ ਮਾਣ ਦੀ ਗੱਲ ਹੈ ਕਿ ਉਹ ਇਸ ਪ੍ਰੀਖਿਆ 'ਚ ਸਫਲ ਰਹੇ ਹਨ ਅਤੇ ਉਹ ਛੇਤੀ ਤੋਂ ਛੇਤੀ ਫ਼ੌਜ ਵਿਚ ਜਾ ਕੇ ਭਾਰਤ ਮਾਤਾ ਦੀ ਸੇਵਾ ਕਰਨਾ ਚਾਹੁੰਦੇ ਹਨ । ਇਸ ਮੌਕੇ ਤੇ ਸ਼ੈਮਰਾਕ ਸਕੂਲ ਦੇ ਐਮ ਡੀ ਕਰਨ ਬਾਜਵਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

# ਕ੍ਰਿਸ਼ੀ ਵਿਗਿਆਨ ਕੇਂਦਰ, ਅੰਮ੍ਰਿਤਸਰ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਕਰਵਾਇਆ ਜਾ ਰਿਹਾ ਕਿਸਾਨ ਮੇਲਾ ਭਲਕੇ



ਅੰਮ੍ਰਿਤਸਰ, 2 ਅਕਤੂਬਰ (ਪੋਸਟ ਬਿਊਰੋ): ਕ੍ਰਿਸ਼ੀ ਵਿਗਿਆਨ ਕੇਂਦਰ, ਅੰਮ੍ਰਿਤਸਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਬਿਕਰਮਜੀਤ ਸਿੰਘ ਨੇ ਦੱਸਿਆ ਕਿ ਕ੍ਰਿਸ਼ੀ ਵਿਗਿਆਨ ਕੇਂਦਰ, ਅੰਮ੍ਰਿਤਸਰ ਵੱਲੋਂ ਮਿਤੀ 4 ਅਕਤੂਬਰ, 2023, ਦਿਨ ਬੁੱਧਵਾਰ ਨੂੰ ਪਰਾਲੀ ਪ੍ਰਬੰਧਨ ਉੱਪਰ ਕਿਸਾਨ ਮੇਲਾ ਲਗਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਸਾਰੇ ਕਿਸਾਨ ਵੀਰਾਂ ਨੂੰ ਬੇਨਤੀ ਹੈ ਕਿ ਇਸ ਮੇਲੇ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ। ਮੇਲੇ ਵਿਚ ਵੱਖ-ਵੱਖ ਵਿਭਾਗ ਜਿਵੇਂ ਕਿ ਖੇਤੀਬਾੜੀ, ਪਸ਼ੂ ਪਾਲਣ, ਬਾਗਬਾਨੀ, ਖੇਤੀ ਮਸ਼ੀਨਰੀ ਆਦਿ ਹਿੱਸਾ ਲੈਣਗੇ। ਸਾਇੰਸਦਾਨਾਂ ਵੱਲੋਂ ਕਿਸਾਨਾਂ ਨਾਲ ਵਿਚਾਰ ਵਟਾਂਦਰਾ ਵੀ ਕੀਤਾ ਜਾਵੇਗਾ ਅਤੇ ਕਿਸਾਨ ਵੀਰਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਵਿਸਥਾਰਿਤ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਸਾਨ ਵੀਰਾਂ ਨੂੰ ਕਿਹਾ ਕਿ ਇਸ ਮੇਲੇ ਵਿਚ ਸ਼ਾਮਿਲ ਹੋ ਕੇ ਵੱਧ ਤੋਂ ਵੱਧ ਲਾਭ ਉਠਾਉਣ।

# ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਦੀ ਰੈਲੀ ਦੌਰਾਨ ਪਟਿਆਲਾ ਵਿੱਚ ਦਿਖਿਆ ਲੋਕਾਂ ਦਾ ਭਾਰੀ ਇਕੱਠ





ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ 550 ਕਰੋੜ ਰੁਪਏ ਦੀ ਲਾਗਤ ਨਾਲ ਸਿਹਤਮੰਦ ਪੰਜਾਬ ਮਿਸ਼ਨ ਦੀ ਰਸਮੀ ਸ਼ੁਰੂਆਤ ਮੌਕੇ ਹੋਈ ਰੈਲੀ ਦੌਰਾਨ ਲੋਕਾਂ ਦਾ ਅਥਾਹ ਇਕੱਠ ਦੇਖਿਆ ਗਿਆ।


URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

Chairman's Club Award (2021, 2018, 2015, 2014, 2013, 2012, 2011, 2010)
Platinum Club Award (2020-2018) (2018-2009) (REMAX International)
Lifetime Achievement Award (2014)
RE/MAX Hall of Fame (2010)

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)



ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨੂਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
REALTOR MLS MULTIPLE LISTING SERVICE
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry



Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044








Grand Upholstery Ltd
Sofa Company Originality in Every Piece

Special on Sale


- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


THE UNTOLD STORY OF
SHAHEED KARTAR SINGH SARABHA
PRESS CONFRENCE
COURTYARD BY MARRIOT BRAMPTON
OCTOBER 9TH - 5:00PM
90 BISCAYNE CRES., BRAMPTON ON L6W4S1
FOR MORE INFO CONTACT:
GURSHARAN MANN - 416-854-2923
DARKHAN PUNJAB
PRESENTS
ਸ਼ਹੀਦ ਕਰਤਾਰ ਸਿੰਘ ਸਰਾਭਾ
ਦੀ ਉਹ ਕਹਾਣੀ ਜੋ ਕਦੀ ਨਹੀਂ ਸੁਣਾਈ ਗਈ
SARABHA
A FILM BY KAVI RAZ
ਸਰਾਭਾ
PRODUCERS: ARVIND SINGLA | KULDEEP SHARMA | VEEPASHA KASHYAP | SARBJIT HUNDAL | ANIL UPPAL | ANIL YADAV | KAVI RAZ
AMRIT GREWAL SARABHA | JATINDER JAY MINHAS. STARRING: JAPTEJ SINGH | MUKUL DEV | KAVI RAZ | KANWAR GREWAL | JASBIR JASSI
PRITHVI RAAJ SINGH SIDHU JASPINDER CHEEMA | MALKEET RAUNI | MAHABIR BHULLAR | MALKIAT MEET | ANKUR RATHEE
SUMEND WANKHANDE | GURPREET RATOL | AMANINDER DHILLON | SAMEER SHARMA | AKAASH YADAV | SHARHAAN SINGH | KABIR GILL
DARREN TASSELL | ALEX REECE | SPECIAL APPEARANCE: JOBANPREET SINGH. EXECUTIVE PRODUCER: SWARAN SINGH
DIRECTOR OF PHOTOGRAPHY (INDIA): INDERJIT BANSEL | (USA): AARON C SMITH
MUA: REGINA SCHIMER | COSTUME DESIGNER: SUNNY BINNING | PRODUCTION DESIGNER: ASHISH KAUSHAL
EDITOR: HARPER GAHUNIA | BACKGROUND SCORE: SHEZAN SHEIKH | MUSIC BY: ONKAR MINHAS | SAAJID SALAAM | DYA SINGH.
FIRST ASSIT. DIRECTOR: VICKEY KADAM | ASSIT. DIRECTOR: MALKIAT MEET | PUBLICITY DESIGNER: MILROY GOES
WRITTEN & DIRECTED BY KAVI RAZ
Distribution Partner
RELEASING WORLDWIDE IN CINEMAS
3RD NOVEMBER 2023

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017